



ਸੱਚ ਤੇ ਨਿਡਰ ਆਵਾਜ਼ ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਸ਼ਨੀਵਾਰ, 21 ਫਰਵਰੀ 2025
Email:- lokbani08@gmail.com




R. N. I. Punpun/29016/2008 ✶ ਸਾਲ 16 , ✶ ਅੰਕ : 248 ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111




## ਲੁਧਿਆਣਾ ਦੇ ਵਿਅਕਤੀ ਤੋਂ 7 ਕਰੋੜ ਠੱਗੇ



**ਨਵੀਂ ਦਿੱਲੀ ਲੋਕ ਬਾਣੀ**-ਸਾਈਬਰ ਅਪਰਾਧ ਦਾ ਇਕ ਹੈਰਾਨੀਜਨਕ ਮਾਮਲਾ ਸਾਹਮਣੇ ਆਇਆ ਹੈ ਜਿੱਥੇ ਠੱਗਾਂ ਨੇ ਖ਼ੁਦ ਨੂੰ ਸੀਬੀਆਈ ਅਧਿਕਾਰੀ ਦੱਸ ਕੇ ਅਤੇ ਸੁਪਰੀਮ ਕੋਰਟ ਦੇ ਜਾਅਲੀ ਦਸਤਾਵੇਜ਼ਾਂ ਦੇ ਅਧਾਰ 'ਤੇ ਲੁਧਿਆਣਾ ਰਹਿੰਦੇ ਇਕ ਵਿਅਕਤੀ ਨਾਲ 7 ਕਰੋੜ ਰੁਪਏ ਦੀ ਧੋਖਾਧੜੀ ਕੀਤੀ ਹੈ। ਪੰਜਾਬ ਤੇ ਹਰਿਆਣਾ ਹਾਈ ਕੋਰਟ ਨੂੰ ਦੱਸਿਆ ਗਿਆ ਕਿ ਇਨ੍ਹਾਂ ਠੱਗਾਂ ਨੇ ਬੜੀ ਚਲਾਕੀ ਨਾਲ ਕੋਰਟ ਦੇ ਫ਼ਰਜ਼ੀ ਹੁਕਮਾਂ, ਗ੍ਰਿਫ਼ਤਾਰੀ ਵਾਰੰਟਾਂ ਦੀ ਕਾਪੀ ਤਿਆਰ ਕਰਕੇ ਸ਼ਿਕਾਇਤਕਰਤਾ ਨੂੰ ਫੰਡ ਟਰਾਂਸਫਰ ਕਰਨ ਲਈ ਮਜਬੂਰ ਕੀਤਾ। ਇਹੀ ਨਹੀਂ ਭਾਰਤ ਦੇ ਤੱਤਕਾਲੀ ਚੀਫ਼ ਜਸਟਿਸ ਡੀਵਾਈ ਚੰਦਰਚੂੜ ਦੇ ਨਾਂ ਹੇਠ ਕਿਸੇ ਹੋਰ ਨੂੰ ਬਿਠਾ ਕੇ ਵਰਚੁਅਲ ਸੁਣਵਾਈ ਦਾ ਪੂਰਾ ਡਰਾਮਾ ਵੀ ਰਚਿਆ।

## Adani issue ਪ੍ਰਧਾਨ ਮੰਤਰੀ ਦਾ ਨਿੱਜੀ ਨਹੀਂ ਸਗੋਂ ਦੇਸ਼ ਦਾ ਮਾਮਲਾ: ਰਾਹੁਲ

**ਰਾਏਬਰੇਲੀ, ਲੋਕ ਬਾਣੀ**- ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਅਡਾਨੀ ਸਮੂਹ ਨਾਲ ਜੁੜੇ ਵਿਵਾਦ 'ਤੇ ਅਮਰੀਕੀ ਮੀਡੀਆ 'ਚ ਕੀਤੀਆਂ ਗਈਆਂ ਟਿੱਪਣੀਆਂ ਨੂੰ ਲੈ ਕੇ ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਨਿਸ਼ਾਨੇ 'ਤੇ ਲਿਆ ਤੇ ਕਿਹਾ ਕਿ ਇਹ ਕੋਈ 'ਨਿੱਜੀ ਮਾਮਲਾ' ਨਹੀਂ ਸਗੋਂ ਦੇਸ਼ ਨਾਲ ਜੁੜਿਆ ਮਾਮਲਾ ਹੈ। ਰਾਏਬਰੇਲੀ ਤੋਂ ਸੰਸਦ ਮੈਂਬਰ ਰਾਹੁਲ ਗਾਂਧੀ ਨੇ ਆਪਣੇ ਸੰਸਦੀ ਹਲਕੇ ਦੇ ਦੌਰੇ ਦੇ ਦੂਜੇ ਦਿਨ ਲਾਲਗੰਜ 'ਚ ਇੱਕ



ਸਮਾਗਮ ਦੌਰਾਨ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਇਹ ਟਿੱਪਣੀ ਕੀਤੀ।

## ਪਨਾਮਾ ਭੇਜੇ ਵਿਅਕਤੀਆਂ ਦੇ ਭਾਰਤੀ ਨਾਗਰਿਕਾਂ ਹੋਣ ਪੁਸ਼ਟੀ ਕਰ ਰਹੇ ਹਾਂ: ਵਿਦੇਸ਼ ਮੰਤਰਾਲਾ

**ਨਵੀਂ ਦਿੱਲੀ, ਲੋਕ ਬਾਣੀ**-ਵਿਦੇਸ਼ ਮੰਤਰਾਲੇ ਨੇ ਅੱਜ ਇੱਥੇ ਕਿਹਾ ਕਿ ਉਨ੍ਹਾਂ ਪਨਾਮਾ ਲਈ ਦੇਸ਼ ਨਿਕਾਲੇ ਦੀਆਂ ਉਡਾਣਾਂ ਬਾਰੇ ਕੁੱਝ ਰਿਪੋਰਟਾਂ ਦੇਖੀਆਂ ਹਨ ਅਤੇ ਮੰਤਰਾਲਾ ਵੇਰਵਿਆਂ ਦੀ ਪੁਸ਼ਟੀ ਕਰ ਰਿਹਾ ਹੈ ਕਿ ਕੀ ਸਬੰਧਿਤ ਵਿਅਕਤੀ ਭਾਰਤੀ ਨਾਗਰਿਕ ਹਨ ਜਾਂ ਨਹੀਂ। ਵਿਦੇਸ਼ ਮੰਤਰਾਲੇ ਦੇ ਤਰਜਮਾਨ ਰਣਧੀਰ ਜੈਸਵਾਲ ਨੇ ਅੱਜ ਇੱਥੇ ਸ਼ਾਮ ਵੇਲੇ ਹਫ਼ਤਾਵਰੀ ਪ੍ਰੈੱਸ ਵਾਰਤਾ ਦੌਰਾਨ




ਪੱਤਰਕਾਰਾਂ ਦੇ ਇੱਕ ਸਵਾਲ ਦੇ ਜਵਾਬ 'ਚ ਦੱਸਿਆ, "ਇੱਕ ਵਾਰ ਜਦੋਂ ਸਬੰਧਿਤ ਵੇਰਵਿਆਂ ਦੀ ਪੁਸ਼ਟੀ ਹੋ ਜਾਂਦੀ ਹੈ

## ਦੱਖਣੀ ਅਫਰੀਕਾ ਹੱਥੋਂ 107 ਦੌੜਾਂ ਨਾਲ ਹਾਰਿਆ ਅ.ਫ.ਗਾਨਿਸਤਾਨ

**ਕਰਾਚੀ, ਲੋਕ ਬਾਣੀ**- ਸਲਾਮੀ ਬੱਲੇਬਾਜ਼ ਰਿਆਨ ਰਿਕਲਟਨ ਦੇ ਸੈਂਕੜੇ ਸਦਕਾ ਦੱਖਣੀ ਅਫਰੀਕਾ ਦੀ ਕ੍ਰਿਕਟ ਟੀਮ ਨੇ ਅੱਜ ਇੱਥੇ ਇੱਕ ਰੋਜ਼ਾ ਚੈਂਪੀਅਨਜ਼ ਟਰਾਫੀ ਵਿੱਚ ਅਫ਼ਗਾਨਿਸਤਾਨ ਨੂੰ 107 ਦੌੜਾਂ ਨਾਲ ਹਰਾ ਕੇ ਆਪਣੀ ਪਹਿਲੀ ਜਿੱਤ ਦਰਜ ਕੀਤੀ।

ਦੱਖਣੀ ਅਫਰੀਕਾ ਵੱਲੋਂ ਦਿੱਤੇ 316 ਦੌੜਾਂ ਦੇ ਟੀਚਾ ਪੂਰਾ ਕਰਨ ਉੱਤਰੀ ਅਫਗਾਨਿਸਤਾਨ ਦੀ ਟੀਮ 43.3 ਓਵਰਾਂ



ਵਿੱਚ 208 ਦੌੜਾਂ 'ਤੇ ਹੀ ਢੇਰ ਹੋ ਗਈ।

## ਰੇਖਾ ਗੁਪਤਾ ਦਿੱਲੀ ਦੇ ਨਵੇਂ ਮੁੱਖ ਮੰਤਰੀ ਹੋਣਗੇ, ਉਪ ਰਾਜਪਾਲ ਵੱਲੋਂ ਸਰਕਾਰ ਬਣਾਉਣ ਦਾ ਸੱਦਾ

**ਨਵੀਂ ਦਿੱਲੀ, ਲੋਕ ਬਾਣੀ** ਰੇਖਾ ਗੁਪਤਾ ਦਿੱਲੀ ਦੇ ਨਵੇਂ ਮੁੱਖ ਮੰਤਰੀ ਹੋਣਗੇ। ਰੇਖਾ ਗੁਪਤਾ ਸ਼ਾਲੀਮਾਰ ਬਾਗ ਹਲਕੇ ਤੋਂ ਵਿਧਾਇਕ ਹਨ। ਭਾਜਪਾ ਵਿਧਾਇਕ ਦਲ ਦੀ ਬੈਠਕ ਦੌਰਾਨ ਰੇਖਾ ਗੁਪਤਾ ਦੇ ਨਾਮ 'ਤੇ ਰਸਮੀ ਮੋਹਰ ਲਾਈ ਗਈ। ਗੁਪਤਾ ਨੇ ਮੁੱਖ ਮੰਤਰੀ ਮਨੋਨੀਤ ਕੀਤੇ ਜਾਣ ਮਗਰੋਂ ਇਸ ਨਵੀਂ ਜ਼ਿੰਮੇਵਾਰੀ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਸਾਰੇ ਵਿਧਾਇਕਾਂ ਦਾ




ਧੰਨਵਾਦ ਕੀਤਾ ਉਪ ਰਾਜਪਾਲ ਵੀਕੇ ਸਕਸੈਨਾ ਨੇ ਮਨੋਨੀਤ ਮੁੱਖ ਮੰਤਰੀ ਨੂੰ ਸਰਕਾਰ ਬਣਾਉਣ ਦਾ ਸੱਦਾ ਦਿੱਤਾ ਹੈ।

## ਅੱਠ ਜ਼ਿਲ੍ਹਿਆਂ ਦੇ ਜ਼ਿਲ੍ਹਾ ਪੁਲੀਸ ਕਪਤਾਨ ਬਦਲੇ

**ਚੰਡੀਗੜ੍ਹ, , ਲੋਕ ਬਾਣੀ**- ਪੰਜਾਬ ਸਰਕਾਰ ਨੇ ਅੱਜ ਪ੍ਰਸ਼ਾਸਕੀ ਫੇਰ ਬਦਲ ਕਰਦਿਆਂ ਅੱਠ ਜ਼ਿਲ੍ਹਿਆਂ ਦੇ ਜ਼ਿਲ੍ਹਾ ਪੁਲੀਸ ਕਪਤਾਨਾਂ ਦਾ ਤਬਾਦਲਾ ਕਰ ਦਿੱਤਾ ਹੈ।ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੀ ਆਈਪੀਐੱਸ ਪਤਨੀ ਡਾ. ਜਯੋਤੀ ਯਾਦਵ ਨੂੰ ਐੱਸਐੱਸਪੀ ਖੰਨਾ ਲਾਇਆ ਗਿਆ ਹੈ,



GOVERNMENT OF PUNJAB
DEPARTMENT OF HOME AFFAIRS
(HOME-I BRANCH)

ORDER OF THE GOVERNOR OF PUNJAB

The postings/transfers of the following Police Officers are hereby ordered on administrative grounds, with immediate effect:-

| Sr. No. | Name of the Officer (Sarv Sh./Smt.) | Present Place of Posting | Transferred/Posted as |
|---|---|---|---|
| 1. | Sudhanshu S. Srivastava, IPS (1994) | ADGP Security, Pb., Chg. | ADGP Security, Punjab, Chandigarh, and in addition ADGP Provisioning, Punjab, Chandigarh vice Sh. G. Nageswara Rao, IPS |
| 2. | Dhanpreet Kaur, IPS (2006) | IGP, Ludhiana Range, Ludhiana | Commissioner of Police, Jalandhar vice Sh. Swapan Sharma, IPS |
| 3. | Jagdale Nilambari Vijay, IPS (2008) | DIG Counter Intelligence, Punjab | DIG Ludhiana Range, Ludhiana vice Smt. Dhanpreet Kaur, IPS |
| 4. | Swapan Sharma, IPS (2009) | Commissioner of Police, Jalandhar | DIG, Ferozepur Range, Ferozepur |
| 5. | Gurmeet Chauhan, IPS (2011) | AIG, AGTF, Punjab | SSP, Ferozepur vice Smt. Saumya Mishra, IPS |
| 6. | Akhil Chaudhary, IPS (2012) | AIG Personnel-II, Punjab, Chandigarh | SSP, Sri Muktsar Sahib vice Sh. Tushar Gupta, IPS |
| 7. | Surendra Lamba, IPS(2013) | SSP, Hoshiarpur | AIG, Personnel-I, Punjab, Chandigarh |
| 8. | Charanjit Singh, IPS (2013) | SSP, Amritsar Rural | AIG, Intelligence, Punjab, SAS Nagar |
| 9. | Dayama Harish Kumar Omprakash, IPS (2014) | SSP, Gurdaspur | AIG, Intelligence, Punjab, SAS Nagar |
| 10. | Saumya Mishra, IPS (2014) | SSP, Ferozepur | AIG, Personnel-II, Punjab, Chandigarh vice Sh. Akhil Chaudhary, IPS |
| 11. | Sandeep Kumar Malik, IPS (2015) | SSP, Barnala | SSP, Hoshiarpur vice Sh. Surendra Lamba, IPS |
| 12. | Ravjot Grewal, IPS (2015) | SSP, Fatehgarh Sahib | AIG, Technical Services, Punjab, Chandigarh |
| 13. | Navneet Singh Bains, IPS (2015) | SSP, Ludhiana Rural | AIG, Crime, Punjab, Chandigarh |
| 14. | Ankur Gupta, IPS (2016) | DCP, Law and Order Jalandhar | SSP, Ludhiana Rural vice Sh. Navneet Singh Bains, IPS |

## ਪੈਟਰੋਲ ਪੰਪ ਤੋਂ ਲੱਖਾਂ ਦੀ ਨਕਦੀ ਚੋਰੀ ਕਰਨ ਵਾਲੇ ਕਰਮਚਾਰੀ ਖਿਲਾਫ ਪਰਚਾ ਦਰਜ

**ਗੁਰੂਹਰਸਹਾਏ (ਫਿਰੋਜ਼ਪੁਰ), ਲੋਕ ਬਾਣੀ**- ਥਾਣਾ ਗੁਰੂਹਰਸਹਾਏ ਦੀ ਪੁਲਿਸ ਨੇ ਬੀਤੇ ਦਿਨ ਪੈਟਰੋਲ ਪੰਪ ਨੂਰੁਲਾ ਫੂਡਜ਼ ਪ੍ਰਾਈਵੇਟ ਲਿਮਟਿਡ ਵਾਸਲ ਮੋਹਨ ਕੇ ਵਿਚੋਂ ਲੱਖਾਂ ਰੁਪਏ ਦੀ ਨਕਦੀ ਚੋਰੀ ਕਰਕੇ ਲਿਜਾਣ ਉਤੇ ਪੰਪ ਕਰਮਚਾਰੀ ਖਿਲਾਫ ਚੋਰੀ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਸ਼ਿਕਾਇਤਕਰਤਾ ਦੇ ਬਿਆਨਾਂ ਉਤੇ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦਿਆਂ ਸਹਾਇਕ ਥਾਣੇਦਾਰ ਨਰੇਸ਼ ਕੁਮਾਰ ਨੇ ਦੱਸਿਆ ਕਿ ਪੁਲਿਸ ਨੂੰ ਦਿੱਤੇ ਬਿਆਨਾਂ ਵਿਚ ਸ਼ਿਕਾਇਤਕਰਤਾ ਸੁਭਾਸ਼




ਨਰੂਲਾ ਪੁੱਤਰ ਰਾਮਨਾਥ ਵਾਸੀ ਗ੍ਰੀਨ ਐਵੇਨਿਊ ਨੇ ਕਿਹਾ ਕਿ ਉਹ ਫਿਰੋਜ਼ਪੁਰ-ਫਾਜ਼ਿਲਕਾ ਰੋਡ ਵਾਸਲ ਮੋਹਨ ਕੇ ਵਿਖੇ ਪੈਟਰੋਲ ਪੰਪ ਨਰੂਲਾ ਫੂਡਜ਼ ਪ੍ਰਾਈਵੇਟ ਲਿਮਟਿਡ ਦੇ ਨਾਮ ਉਤੇ ਚਲਾਉਂਦਾ ਹੈ

## ਪੰਜਾਬ ਵਿੱਚ ਫੇਰ ਚੱਲੀਂ ਗੋਲੀ ਸਰਪੰਚ ਦੇ ਪਤੀ ਦੀ ਹੋਈ ਮੌਤ

**ਫਿਰੋਜ਼ਪੁਰ, ਲੋਕ ਬਾਣੀ** --ਪੰਜਾਬ ਵਿੱਚ ਆਪ ਸਰਕਾਰ ਆਉਣ ਤੋ ਬਾਅਦ ਕਾਨੂੰਨ ਵਿਵਸਥਾ ਦਾ ਬੁਰਾ ਹਾਲ ਹੈ ਰੋਜ਼ ਗੋਲੀਆਂ ਗੈਂਗਵਾਰ ਫਿਰੌਤੀ ਨਸ਼ਾ ਭ੍ਰਿਸ਼ਟਾਚਾਰ ਦੀਆਂ ਖਬਰਾਂ ਆਮ ਹੋ ਗਈਆਂ ਹਨ ਤੇ

ਗੋਲੀਬਾਰੀ ਦੀਆਂ ਘਟਨਾਵਾਂ ਰੁਕਣ ਦਾ ਨਾਮ ਨਹੀਂ ਲੈ ਰਹੀਆਂ। ਤਾਜ਼ਾ ਜਾਣਕਾਰੀ ਮੁਤਾਬਿਕ ਅਬੋਹਰ ਦੇ ਪਿੰਡ ਕੱਲਰਖੇੜਾ ਵਿੱਚ ਇੱਕ ਆਪ ਆਗੂ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ। ਦੂਜੇ ਪਾਸੇ ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ




ਹੈ।

ਮ੍ਰਿਤਕ ਦੀ ਪਛਾਣ ਸ਼ੰਕਰ ਕੁਮਾਰ (ਉਮਰ 35 ਸਾਲ) ਵਜੋਂ ਹੋਈ ਹੈ। ਮੀਡੀਆ ਰਿਪੋਰਟਾਂ ਮੁਤਾਬਿਕ ਸ਼ੰਕਰ ਕੁਮਾਰ ਦੀ ਪਤਨੀ ਪੂਨਮ ਰਾਣੀ ਪਿੰਡ ਦੀ ਹੀ ਸਰਪੰਚ ਹੈ।




ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# ਸਰਕਾਰੀ ਮੁਲਾਜ਼ਮ ਬਣ ਕੇ 42.60 ਲੱਖ ਰੁਪਏ ਰਿਸ਼ਵਤ ਲੈਣ ਵਾਲਾ ਵਿਅਕਤੀ ਵਿਜੀਲੈਂਸ ਬਿਊਰੋ ਵੱਲੋਂ ਕਾਬੂ

ਚੰਡੀਗੜ੍ਹ,(ਲੋਕ ਬਾਣੀ) ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਇੱਕ ਆਮ ਵਿਅਕਤੀਜਗਤ ਰਾਮ, ਵਾਸੀ ਮੁੱਲਾਪੁਰ ਦਾਖਾ, ਜ਼ਿਲ੍ਹਾ ਲੁਧਿਆਣਾ ਨੂੰ ਸਰਕਾਰੀ ਅਧਿਕਾਰੀ ਬਣ ਕੇ 42.60 ਲੱਖ ਰੁਪਏ ਰਿਸ਼ਵਤ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ।

ਅੱਜ ਇਹ ਖੁਲਾਸਾ ਕਰਦੇ ਹੋਏ, ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਵਿਰੁੱਧ ਇਹ ਕੇਸ ਸ਼ਿਕਾਇਤਕਰਤਾ ਰਾਕੇਸ਼ ਸਚਦੇਵਾ, ਵਾਸੀ ਐਸ.ਬੀ.ਐਸ. ਨਗਰ, ਪੱਖੋਵਾਲ ਰੋਡ, ਲੁਧਿਆਣਾ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਉਪਰ ਭੇਜੀ ਗਈ ਸ਼ਿਕਾਇਤ ਦੇ ਆਧਾਰ 'ਤੇ ਦਰਜ ਕੀਤਾ ਗਿਆ ਹੈ।

ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਉਕਤ ਜਗਤ ਰਾਮ ਨੇ ਲੁਧਿਆਣਾ ਇੰਪਰੂਵਮੈਂਟ ਟਰੱਸਟ (ਐਲ.ਆਈ.ਟੀ.) ਕੋਲ ਉਸਦੇ ਲੰਬਿਤ ਪਏ ਇਤਰਾਜ਼ਹੀਣਤਾ ਸਰਟੀਫਿਕੇਟ (ਐਨ.ਓ.ਸੀ.) ਦਿਵਾਉਣ ਲਈ ਉਸ ਕੋਲੋਂ 42.60 ਲੱਖ ਰੁਪਏ ਦੀ ਰਿਸ਼ਵਤ ਲਈ ਸੀ।

ਸ਼ਿਕਾਇਤ ਦੇ ਅਨੁਸਾਰ ਰਾਕੇਸ਼ ਸਚਦੇਵਾ ਲੁਧਿਆਣਾ ਦੀ ਏ.ਸੀ. ਮਾਰਕੀਟ ਵਿੱਚ ਇੱਕ ਕੱਪੜੇ ਦੀ ਦੁਕਾਨ ਚਲਾਉਂਦਾ ਹੈ। ਉਸ ਨੇ ਸਾਲ 2017, 2019 ਅਤੇ 2022 ਵਿੱਚ ਐਲ.ਆਈ.ਟੀ. ਦੀ ਐਲ.ਡੀ.ਪੀ. ਸਕੀਮ ਤਹਿਤ ਤਿੰਨ ਜਾਇਦਾਦਾਂ ਖਰੀਦੀਆਂ ਸਨ। ਉਸਨੇ ਜਾਇਦਾਦਾਂ ਨੂੰ ਆਪਣੇ ਨਾਮ 'ਤੇ ਤਬਦੀਲ ਕਰਨ ਲਈ ਐਨ.ਓ.ਸੀ. ਪ੍ਰਾਪਤ ਕਰਨ ਵਾਸਤੇ ਐਲ.ਆਈ.ਟੀ. ਨੂੰ ਸਾਰੇ ਸੰਬੰਧਿਤ ਦਸਤਾਵੇਜ਼ ਜਮ੍ਹਾਂ ਕਰਵਾ ਦਿੱਤੇ ਸਨ ਪਰ ਉਸ ਦੇ ਬਾਵਜੂਦ ਵੀ ਉਸ ਨੂੰ ਕੋਈ ਸਰਟੀਫੀਕੇਟ ਨਹੀਂ ਮਿਲਿਆ। ਇਸੇ ਦੌਰਾਨ ਉਹ ਜਗਤ ਰਾਮ ਨੂੰ ਮਿਲਿਆ ਜਿਸਨੇ ਖੁਦ ਨੂੰ ਐਲ.ਆਈ.ਟੀ. ਦੇ ਇੱਕ ਕਰਮਚਾਰੀ ਵਜੋਂ ਪੇਸ਼ ਕੀਤਾ ਅਤੇ ਚੰਡੀਗੜ੍ਹ ਵਿੱਚ ਇੱਕ ਸੀਨੀਅਰ ਅਧਿਕਾਰੀ ਦਾ ਨਿੱਜੀ ਸਕੱਤਰ ਹੋਣ ਦਾ ਦਾਅਵਾ ਕੀਤਾ। ਮੁਲਜ਼ਮ ਨੇ ਸ਼ਿਕਾਇਤਕਰਤਾ ਨੂੰ ਭਰੋਸਾ ਦਿੱਤਾ ਕਿ ਉਹ ਐਨ.ਓ.ਸੀ. ਦਾ ਪ੍ਰਬੰਧ ਕਰ ਸਕਦਾ ਹੈ ਪਰ ਬਦਲੇ ਵਿੱਚ ਉਸਨੇ ਰਿਸ਼ਵਤ ਦੀ ਮੰਗ ਕੀਤੀ।

ਸਚਦੇਵਾ ਨੇ ਅੱਗੇ ਦੱਸਿਆ ਕਿ ਜਗਤ ਰਾਮ ਨੇ ਉਸ ਤੋਂ ਦੋ ਸਾਲਾਂ ਦੌਰਾਨ ਕਿਸ਼ਤਾਂ 'ਚ ਕੁੱਲ 42.60 ਲੱਖ ਰੁਪਏ ਰਿਸ਼ਵਤ ਲਈ ਪਰ ਕੀਤੇ ਵਾਅਦੇ ਅਨੁਸਾਰ ਕੋਈ ਵੀ ਐਨ.ਓ.ਸੀ. ਉਪਲਬਧ ਨਹੀਂ ਕਰਵਾਇਆ। ਅੰਤ ਵਿੱਚ ਉਸਨੂੰ ਪਤਾ ਲੱਗਾ ਕਿ



ਜਗਤ ਰਾਮ ਲੁਧਿਆਣਾ ਇੰਪਰੂਵਮੈਂਟ ਟਰੱਸਟ (ਐਲ.ਆਈ.ਟੀ.) ਦਾ ਕਰਮਚਾਰੀ ਨਹੀਂ ਸਗੋਂ ਇੱਕ ਆਮ ਵਿਅਕਤੀ ਹੈ ਜੋ ਚੰਡੀਗੜ੍ਹ ਵਿੱਚ ਤਾਇਨਾਤ ਸੀਨੀਅਰ ਅਧਿਕਾਰੀ ਅਤੇ ਐਲ.ਆਈ.ਟੀ. ਦੇ ਅਧਿਕਾਰੀਆਂ/ਕਰਮਚਾਰੀਆਂ ਦੇ ਨਾਮ 'ਤੇ ਰਿਸ਼ਵਤ ਲੈ ਰਿਹਾ ਹੈ। ਇੱਕ ਦੋਸਤ ਦੀ ਮਦਦ ਨਾਲ ਸ਼ਿਕਾਇਤਕਰਤਾ ਨੇ ਜਗਤ ਰਾਮ ਨਾਲ ਕੀਤੀ ਗੱਲਬਾਤ ਰਿਕਾਰਡ ਕਰ ਲਈ ਜਿਸ ਵਿੱਚ ਉਸ ਨੇ 37 ਲੱਖ ਰੁਪਏ ਰਿਸ਼ਵਤ ਲੈਣ ਦੀ ਗੱਲ ਕਬੂਲੀ ਹੈ।

ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਅੱਗੇ ਕਿਹਾ ਕਿ ਇਸ ਸ਼ਿਕਾਇਤ ਦੀ ਤਸਦੀਕ ਦੌਰਾਨ ਮੌਖਿਕ, ਆਡੀਓ ਅਤੇ ਦਸਤਾਵੇਜ਼ੀ ਸਬੂਤਾਂ ਦੇ ਆਧਾਰ ਉਤੇ ਲੱਗੇ ਦੋਸ਼ ਸੱਚੇ ਪਾਏ ਗਏ। ਜਾਂਚ ਤੋਂ ਪਤਾ ਲੱਗਾ ਕਿ ਮੁਲਜ਼ਮ ਨੇ ਗੂਗਲ ਪੇਅ ਰਾਹੀਂ 3.90 ਲੱਖ ਰੁਪਏ ਸਮੇਤ ਕੁੱਲ 42.60 ਲੱਖ ਰੁਪਏ ਰਿਸ਼ਵਤ ਵਜੋਂ ਲਏ ਸਨ। ਪੜਤਾਲੀਆ ਰਿਪੋਰਟ ਦੇ ਆਧਾਰ 'ਤੇ ਉਕਤ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਲੁਧਿਆਣਾ ਰੇਂਜ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ। ਜਗਤ ਰਾਮ ਨੂੰ ਕੱਲ੍ਹ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅਗਲੇਰੀ ਜਾਂਚ ਦੌਰਾਨ ਲੁਧਿਆਣਾ ਇੰਪਰੂਵਮੈਂਟ ਟਰੱਸਟ (ਐਲ.ਆਈ.ਟੀ.) ਦੇ ਕਰਮਚਾਰੀਆਂ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾਵੇਗੀ।

# ਸ੍ਰੀ ਸ੍ਰੀ ਰਵੀਸ਼ੰਕਰ ਤਖ਼ਤ ਸ੍ਰੀ ਦਮਦਮਾ ਸਾਹਿਬ ਹੋਏ ਨਤਮਸਤਕ



(ਲੋਕ ਬਾਣੀ) ਹਿੰਦੂ ਅਧਿਆਤਮਕ ਆਗੂ ਅਤੇ ਆਰਟ ਆਫ਼ ਲਿਵਿੰਗ ਦੇ ਸੰਸਥਾਪਕ ਪਦਮ ਵਿਭੂਸ਼ਨ ਸ੍ਰੀ ਸ੍ਰੀ ਰਵੀਸ਼ੰਕਰ ਅੱਜ ਸਿੱਖ ਕੌਮ ਦੇ ਚੌਥੇ ਤਖ਼ਤ, ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਏ। ਮੱਥਾ ਟੇਕਣ ਉਪਰੰਤ ਤਖ਼ਤ ਸਾਹਿਬ ਦੇ ਪ੍ਰਬੰਧਕਾਂ ਨੇ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ। ਗੱਲਬਾਤ ਕਰਦਿਆਂ ਰਵੀਸ਼ੰਕਰ ਨੇ ਕਿਹਾ ਕਿ ਬੜੇ ਸਮੇਂ ਦੀ ਇੱਛਾ ਸੀ ਤਖ਼ਤ ਸ੍ਰੀ ਦਮਦਮਾ ਸਾਹਿਬ ਨਤਮਸਤਕ ਹੋਣ ਦੀ ਉਹ ਅੱਜ ਪੂਰੀ ਹੋਣ 'ਤੇ ਉਨ੍ਹਾਂ ਨੂੰ ਮਾਨਸਿਕ ਸਕੂਨ ਮਿਲਿਆ ਹੈ। ਉਨ੍ਹਾਂ ਇਸ ਮੌਕੇ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਦੀਆਂ ਕੁਰਬਾਨੀਆਂ ਸਦਕਾ ਹੀ ਹਿੰਦੂ ਅਤੇ ਹਿੰਦੁਸਤਾਨ ਦਾ ਵਜੂਦ ਕਾਇਮ ਹੈ।

# ਪੰਜਾਬ ਪੁਲਿਸ ਦੀ ਏ.ਜੀ.ਟੀ.ਐਫ. ਵੱਲੋਂ ਅੱਤਵਾਦੀ ਲਖਬੀਰ ਲੰਡਾ ਦਾ ਸਹਿਯੋਗੀ ਗ੍ਰਿਫ਼ਤਾਰ ; ਇੱਕ ਪਿਸਤੌਲ ਬਰਾਮਦ



ਪਟਿਆਲਾ,(ਲੋਕ ਬਾਣੀ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਦੇ ਮੱਦੇਨਜ਼ਰ ਚੱਲ ਰਹੀ ਮੁਹਿੰਮ ਤਹਿਤ ਇੱਕ ਵੱਡੀ ਸਫਲਤਾ ਦਰਜ ਕਰਦਿਆਂ ਪੰਜਾਬ ਪੁਲਿਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ (ਏ.ਜੀ.ਟੀ.ਐਫ.) ਨੇ ਵੀਰਵਾਰ ਨੂੰ ਕਿ ਵਿਦੇਸ਼ੀ ਅੱਤਵਾਦੀ ਲਖਬੀਰ ਸਿੰਘ ਉਰਫ਼ ਲੰਡਾ ਹਰੀਕੇ ਦੇ ਇੱਕ ਸਾਥੀ ਨੂੰ ਗ੍ਰਿਫ਼ਤਾਰ ਕੀਤਾ ਹੈ।

ਇਹ ਜਾਣਕਾਰੀ ਦਿੰਦਿਆਂ ਡੀਜੀਪੀ ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਸੁਖਚੈਨ ਸਿੰਘ ਉਰਫ਼ ਭੁਜੀਆ, ਵਾਸੀ ਪਿੰਡ ਮੱਟੀ, ਮਾਨਸਾ ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਉਸ ਦੇ ਕਬਜ਼ੇ ਚੋਂ ਇੱਕ .32 ਕੈਲੀਬਰ ਦੀ ਪਿਸਤੌਲ ਸਮੇਤ ਪੰਜ ਕਾਰਤੂਸ ਬਰਾਮਦ ਕੀਤੇ ਹਨ।ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਭਰੋਸੇਯੋਗ ਸੂਤਰਾਂ ਤੋਂ ਮਿਲੀ ਪੁਖ਼ਤਾ ਇਤਲਾਹ 'ਤੇ ਕਾਰਵਾਈ ਕਰਦਿਆਂ, ਏ.ਡੀ.ਜੀ.ਪੀ. (ਏਜੀਟੀਐਫ) ਪ੍ਰਮੋਦ ਬਾਨ ਦੀ ਸਮੁੱਚੀ ਨਿਗਰਾਨੀ ਹੇਠ ਪੁਲਿਸ ਟੀਮਾਂ ਨੇ ਕਾਰਵਾਈ ਸ਼ੁਰੂ ਕੀਤੀ ਅਤੇ ਦੋਸ਼ੀ ਵਿਅਕਤੀ ਨੂੰ ਇੱਕ ਪਿਸਤੌਲ ਸਮੇਤ ਮਾਨਸਾ ਦੇ ਭੀਖੀ ਖੇਤਰ ਤੋਂ ਗ੍ਰਿਫ਼ਤਾਰ ਕਰ ਲਿਆ।


_ਨ੍ਹਾਂ ਕਿਹਾ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਸੁਖਚੈਨ ਉਰਫ਼ ਭੁਜੀਆ ਹਾਲ ਹੀ ਵਿੱਚ ਭੀਖੀ ਵਿਖੇ ਵਾਪਰੇ ਇਰਾਦਾ ਕਤਲ ਕੇਸ ਵਿੱਚ ਲੋੜੀਂਦਾ ਸੀ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦਾ ਅਪਰਾਧਿਕ ਪਿਛੋਕੜ ਹੈ , ਜਿਸ ਵਿੱਚ ਉਸ ਵਿਰੁੱਧ ਇਰਾਦਾ ਕਤਲ , ਅਸਲਾ ਐਕਟ ਅਤੇ ਐਨ.ਡੀ.ਪੀ.ਐਸ. ਐਕਟ ਸਮੇਤ ਕਈ ਅਪਰਾਧਿਕ ਮਾਮਲੇ ਦਰਜ ਹਨ।

ਡੀਜੀਪੀ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਮੁਲਜ਼ਮ ਸੁਖਚੈਨ ਉਰਫ਼ ਭੁਜੀਆ ਵਿਰੋਧੀ ਗਿਰੋਹ ਦੇ ਮੈਂਬਰਾਂ ਨੂੰ ਨਿਸ਼ਾਨਾ ਬਣਾਉਣ ਦੀ ਯੋਜਨਾ ਬਣਾ ਰਿਹਾ ਸੀ।

ਏ.ਆਈ.ਜੀ. (ਏ.ਜੀ.ਟੀ.ਐਫ.) ਸੰਦੀਪ ਗੋਇਲ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇਰੇ- ਪਿਛਲੇਰੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ। ਉਨ੍ਹਾਂ ਅੱਗੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਹੋਣ ਦੀ ਸੰਭਾਵਨਾ ਹੈ।

ਜ਼ਿਕਰਯੋਗ ਹੈ ਕਿ ਇਸ ਸਬੰਧੀ ਕੇਸ ਐਫਆਈਆਰ ਨੰ. 22 ਮਿਤੀ 10/2/2025 ਨੂੰ ਮਾਨਸਾ ਦੇ ਪੁਲਿਸ ਸਟੇਸ਼ਨ ਭੀਖੀ ਵਿਖੇ ਭਾਰਤੀ ਨਿਆ ਸੰਹਿਤਾ (ਬੀਐਨਐਸ) ਦੀਆਂ ਧਾਰਾ 125, 191(3) ਅਤੇ 190 ਅਤੇ ਅਸਲਾ ਐਕਟ ਦੀਆਂ ਧਾਰਾਵਾਂ 25 ਅਤੇ 27 ਤਹਿਤ ਪਹਿਲਾਂ ਹੀ ਦਰਜ ਹੈ।

# ਸੰਸਦ ਮੈਂਬਰ ਅੰਮ੍ਰਿਤਪਾਲ ਨੂੰ ਕੋਰਟ ਤੋਂ ਨਹੀ ਮਿਲੀ ਰਾਹਤ, 25 ਫਰਵਰੀ ਨੂੰ ਹੋਵੇਗੀ ਅਗਲੀ ਸੁਣਵਾਈ



ਖਡੂਰ ਸਾਹਿਬ (ਲੋਕ ਬਾਣੀ) ਖਡੂਰ ਸਾਹਿਬ ਦੇ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ, ਜੋ ਕਿ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹਨ, ਉਹਨਾਂ ਦੀ ਲੋਕ ਸਭਾ ਤੋਂ ਗੈਰਹਾਜ਼ਰੀ ਕਾਰਨ ਸੰਸਦ ਮੈਂਬਰੀ ਖ਼ਤਰੇ ਵਿੱਚ ਹੈ। ਅੰਮ੍ਰਿਤਪਾਲ ਵੱਲੋਂ ਦਾਇਰ ਪਟੀਸ਼ਨ 'ਤੇ ਅੱਜ ਸ਼ੁੱਕਰਵਾਰ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਸੁਣਵਾਈ ਹੋਈ ਹੈ। ਅੰਮ੍ਰਿਤਪਾਲ ਨੂੰ ਕੋਰਟ ਤੋਂ ਕੋਈ ਰਾਹਤ ਨਹੀਂ ਮਿਲੀ ਹੈ। ਇਸਦੀ ਅਗਲੀ ਸੁਣਵਾਈ 25 ਫਰਵਰੀ ਨੂੰ ਹੋਵੇਗੀ। ਖਾਲਿਸਤਾਨ ਪੱਖੀ ਸੰਸਦ ਮੈਂਬਰ ਨੇ ਹਾਈ ਕੋਰਟ ਤੋਂ ਮੰਗ ਕੀਤੀ ਹੈ ਕਿ ਉਸਨੂੰ ਲੋਕ ਸਭਾ ਦੀ ਕਾਰਵਾਈ ਵਿੱਚ ਹਿੱਸਾ ਲੈਣ ਦੀ ਇਜਾਜ਼ਤ ਦਿੱਤੀ ਜਾਵੇ।

ਦਾਇਰ ਪਟੀਸ਼ਨ ਵਿੱਚ ਇਹ ਹਵਾਲਾ ਦਿੱਤਾ ਗਿਆ ਹੈ ਕਿ ਨਿਯਮਾਂ ਮੁਤਾਬਕ, ਜੇਕਰ ਉਹ 60 ਦਿਨਾਂ ਤੱਕ ਲੋਕ ਸਭਾ ਦੀ ਕਾਰਵਾਈ ਤੋਂ ਗੈਰਹਾਜ਼ਰ ਰਹਿੰਦੇ ਹਨ, ਤਾਂ ਉਨ੍ਹਾਂ ਦੀ ਮੈਂਬਰਸ਼ਿਪ ਰੱਦ ਹੋ ਸਕਦੀ ਹੈ। ਇਹ ਦਲੀਲ ਦਿੱਤੀ ਗਈ ਹੈ ਕਿ ਉਹ 46 ਦਿਨਾਂ ਤੋਂ ਲੋਕ ਸਭਾ ਦੀ ਕਾਰਵਾਈ ਵਿੱਚ ਹਿੱਸਾ ਨਹੀਂ ਲੈ ਸਕੇ ਹਨ। ਪਟੀਸ਼ਨ ਦਾਇਰ ਹੋਣ ਤੋਂ ਬਾਅਦ, ਅਦਾਲਤ ਵਿੱਚ ਸੁਣਵਾਈ ਹੋਈ ਹੈ ਜਿਸ ਵਿੱਚ ਅੰਮ੍ਰਿਤਪਾਲ ਨੂੰ ਕੋਈ ਰਾਹਤ ਨਹੀਂ ਮਿਲੀ ਅਤੇ ਇਸ ਦੀ ਅਗਲੀ ਸੁਣਵਾਈ 25 ਫਰਵਰੀ ਨੂੰ ਹੋਵੇਗੀ।

ਵਕੀਲ ਵੱਲੋਂ ਦਾਇਰ ਪਟੀਸ਼ਨ ਵਿੱਚ ਕਿਹਾ ਗਿਆ ਹੈ ਕਿ ਉਨ੍ਹਾਂ ਨੂੰ ਇਸ ਸਬੰਧ ਵਿੱਚ ਲੋਕ ਸਭਾ ਤੋਂ ਇੱਕ ਪੱਤਰ ਮਿਲਿਆ ਹੈ। ਜਿਸ ਕਾਰਨ ਇਹ ਸਾਰੀਆਂ ਗੱਲਾਂ ਸਾਹਮਣੇ ਆਈਆਂ ਹਨ। ਅੰਮ੍ਰਿਤਪਾਲ ਸਿੰਘ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਹਨ। ਅਜਿਹੀ ਸਥਿਤੀ ਵਿੱਚ, ਉਨ੍ਹਾਂ ਵੱਲੋਂ ਲੋਕ ਸਭਾ ਸਪੀਕਰ ਨੂੰ ਸੈਸ਼ਨ ਵਿੱਚ ਸ਼ਾਮਲ ਹੋਣ ਦੀ ਮੰਗ ਕੀਤੀ ਗਈ ਹੈ।

# ਪੰਜਾਬ ਪੁਲਿਸ ਨੇ ਗੈਂਗਸਟਰ ਗੋਲਡੀ ਢਿੱਲੋਂ ਵੱਲੋਂ ਚਲਾਏ ਜਾ ਰਹੇ ਮਿੱਥ ਕੇ ਹੱਤਿਆ ਕਰਨ ਵਾਲੇ ਗਿਰੋਹ ਦਾ ਕੀਤਾ ਪਰਦਾਫਾਸ਼ ; 5 ਪਿਸਤੌਲਾਂ ਅਤੇ ਨਸ਼ੀਲੀਆਂ ਗੋਲੀਆਂ.

ਚੰਡੀਗੜ੍ਹ/ਪਟਿਆਲਾ,(ਲੋਕ ਬਾਣੀ):ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਰਾਜ ਬਣਾਉਣ ਦੇ ਮੱਦੇਨਜ਼ਰ ਚੱਲ ਰਹੀ ਮੁਹਿੰਮ ਤਹਿਤ ਪਟਿਆਲਾ ਪੁਲਿਸ ਨੇ ਵਿਦੇਸ਼ੀ ਗੈਂਗਸਟਰ ਗੋਲਡੀ ਢਿੱਲੋਂ ਦੁਆਰਾ ਚਲਾਏ ਜਾ ਰਹੇ ਟਾਰਗੇਟ ਕਿਲਿੰਗ ਮਾਡਿਊਲ ਦੇ ਦੋ ਕਾਰਕੁਨਾਂ ਨੂੰ ਰਾਜਪੁਰਾ ਤੋਂ ਗ੍ਰਿਫ਼ਤਾਰ ਕਰਕੇ ਇਸ ਗਿਰੋਹ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁੱਕਰਵਾਰ ਨੂੰ ਇੱਥੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਮਲਕੀਤ ਸਿੰਘ ਉਰਫ਼ ਮੈਕਸ, ਜੋ ਕਿ ਅਜਨਾਲਾ, ਅੰਮ੍ਰਿਤਸਰ ਦੇ ਪਿੰਡ ਰੋਡਾਲਾ ਦਾ ਰਹਿਣ ਵਾਲਾ ਹੈ ਅਤੇ ਮੌਜੂਦਾ ਸਮੇਂ ਫਤਿਹਗੜ੍ਹ ਸਾਹਿਬ ਦੇ ਪਿੰਡ ਸੇਮਪਾਲੀ ਵਿੱਚ ਰਹਿੰਦਾ ਹੈ ਅਤੇ ਸੰਦੀਪ ਸਿੰਘ ਉਰਫ਼ ਦੀਪ, ਜੋ ਕਿ ਫਤਿਹਗੜ੍ਹ ਸਾਹਿਬ ਦੇ ਸਰਹਿੰਦ ਦਾ ਰਹਿਣ ਵਾਲਾ ਹੈ, ਵਜੋਂ ਹੋਈ ਹੈ।

ਪੁਲਿਸ ਟੀਮਾਂ ਨੇ ਫੜੇ ਗਏ ਮੁਲਜ਼ਮਾਂ ਦੇ ਕਬਜ਼ੇ ਚੋਂ ਪੰਜ ਪਿਸਤੌਲ ਜਿੰਨ੍ਹਾਂ ਵਿੱਚ ਤਿੰਨ .32 ਕੈਲੀਬਰ, ਇੱਕ .30 ਕੈਲੀਬਰ ਅਤੇ ਇੱਕ .315 ਕੈਲੀਬਰ ਦੇਸੀ ਕੱਟਾ ਸ਼ਾਮਲ ਹਨ ਸਮੇਤ 15 ਕਾਰਤੂਸ ਅਤੇ 1300 ਨਸ਼ੀਲੀਆਂ ਗੋਲੀਆਂ ਵੀ ਬਰਾਮਦ ਕੀਤੀਆਂ ਹਨ, ਇਸ ਤੋਂ ਇਲਾਵਾ ਉਨ੍ਹਾਂ ਦਾ ਕਾਲੇ ਰੰਗ ਦਾ ਹੌਂਡਾ ਐਕਟਿਵਾ ਸਕੂਟਰ (ਪੀਬੀ 23 ਏਏ 0795) ਵੀ ਜ਼ਬਤ ਕੀਤਾ ਹੈ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਜ਼ਬਰਨ ਵਸੂਲੀ ਨਾਲ ਸਬੰਧਤ ਦੋ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦੇ ਸਨ ਅਤੇ ਉਨ੍ਹਾਂ ਦੇ ਹੈਂਡਲਰ ਗੋਲਡੀ ਢਿੱਲੋਂ ਨੇ ਉਨ੍ਹਾਂ ਨੂੰ ਮੋਹਾਲੀ ਅਤੇ ਰਾਜਪੁਰਾ ਵਿੱਚ ਮਿੱਥ ਕੇ ਹੱਤਿਆ ਕਰਨ ਦਾ ਕੰਮ ਸੌਂਪਿਆ ਸੀ। ਉਨ੍ਹਾਂ ਅੱਗੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਅਪਰਾਧਿਕ ਪਿਛੋਕੜ ਵਾਲੇ ਹਨ ਅਤੇ ਇਨ੍ਹਾਂ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ, ਅਸਲਾ ਐਕਟ, ਇਰਾਦਾ ਕਤਲ , ਜ਼ਬਰਨ ਵਸੂਲੀ, ਡਕੈਤੀ, ਲੁੱਟ-ਖੋਹ ਆਦਿ ਕਈ ਮਾਮਲੇ ਦਰਜ ਹਨ।



ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇਰੇ -ਪਿਛਲੇਰੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ। ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਆਸ ਹੈ।

ਆਪਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦੇ ਹੋਏ, ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸ.ਐਸ.ਪੀ.) ਪਟਿਆਲਾ ਨਾਨਕ ਸਿੰਘ ਨੇ ਕਿਹਾ ਕਿ ਸਪੈਸ਼ਲ ਸੈੱਲ ਰਾਜਪੁਰਾ ਦੀਆਂ ਪੁਲਿਸ ਟੀਮਾਂ ਨੂੰ ਪੁਖ਼ਤਾ ਇਤਲਾਹ ਮਿਲੀ ਸੀ ਕਿ ਗੈਂਗਸਟਰ ਗੋਲਡੀ ਢਿੱਲੋਂ ਦੇ ਦੋ ਕਾਰਕੁਨ ਸਰਹਿੰਦ-ਰਾਜਪੁਰਾ ਸੜਕ 'ਤੇ ਕਿਸੇ ਨੂੰ ਨਸ਼ੀਲੀਆਂ ਗੋਲੀਆਂ ਪਹੁੰਚਾਉਣ ਜਾ ਰਹੇ ਹਨ, ਜਿਸ ਤੋਂ ਬਾਅਦ, ਉਨ੍ਹਾਂ ਨੇ ਰਾਜਪੁਰਾ ਵਿੱਚ ਇੱਕ ਟਾਰਗੇਟ ਕਿਲਿੰਗ ਨੂੰ ਅੰਜਾਮ ਦੇਣ ਜਾਣਾ ਸੀ।

ਉਨ੍ਹਾਂ ਕਿਹਾ ਕਿ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ, ਸਪੈਸ਼ਲ ਸੈੱਲ ਰਾਜਪੁਰਾ ਨੇ ਇੰਸਪੈਕਟਰ ਹੈਰੀ ਬੋਪਾਰਾਏ ਦੀ ਅਗਵਾਈ ਵਿੱਚ ਖੁਫੀਆ ਜਾਣਕਾਰੀ 'ਤੇ ਅਧਾਰਤ ਕਾਰਵਾਈ ਸ਼ੁਰੂ ਕੀਤੀ ਅਤੇ ਦੋਵਾਂ ਮੁਲਜ਼ਮਾਂ ਨੂੰ ਹਥਿਆਰਾਂ ਅਤੇ ਨਸ਼ੀਲੇ ਪਦਾਰਥ ਾਂ ਸਮੇਤ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ।ਐਸ.ਐਸ.ਪੀ. ਨੇ ਦੱਸਿਆ ਕਿ ਦੋ ਪ੍ਰਮੁੱਖ ਵਿਅਕਤੀ, ਜਿਨ੍ਹਾਂ ਨੂੰ ਵਿਦੇਸ਼ੀ ਗੈਂਗਸਟਰਾਂ ਤੋਂ ਧਮਕੀ ਭਰੇ ਫੋਨ ਵੀ ਆਏ ਸਨ, ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੇ ਨਿਸ਼ਾਨੇ 'ਤੇ ਸਨ। ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।ਜ਼ਿਕਰਯੋਗ ਹੈ ਕਿ ਇਸ ਸਬੰਧੀ ਕੇਸ ਐਫਆਈਆਰ ਨੰ. 13 ਮਿਤੀ 19/2/2025 ਨੂੰ ਪਟਿਆਲਾ ਦੇ ਪੁਲਿਸ ਸਟੇਸ਼ਨ ਸਦਰ ਰਾਜਪੁਰਾ ਵਿਖੇ ਐਨਡੀਪੀਐਸ ਐਕਟ ਦੀ ਧਾਰਾ 22 ਅਤੇ ਅਸਲਾ ਐਕਟ ਦੀ ਧਾਰਾ 25 ਤਹਿਤ ਦਰਜ ਕੀਤਾ ਗਿਆ ਹੈ।

# ਇੰਡੀਆਜ਼ ਗੌਟ ਲੇਟੈਂਟ ਵਿਵਾਦ ਮਾਮਲੇ ਵਿੱਚ ਰਾਖੀ ਸਾਵੰਤ ਨੂੰ ਸੰਮਨ ਜਾਰੀ




(ਲੋਕ ਬਾਣੀ) ਇੰਡੀਆਜ਼ ਗੌਟ ਲੇਟੈਂਟ ਕੇਸ ਵਿਚ ਮਹਾਰਾਸ਼ਟਰ ਸਾਈਬਰ ਸੈੱਲ ਨੇ ਰਾਖੀ ਸਾਵੰਤ ਨੂੰ ਸੰਮਨ ਭੇਜਿਆ ਹੈ। ਰਾਖੀ ਸਾਵੰਤ ਨੂੰ ਮਹਾਰਾਸ਼ਟਰ ਸਾਈਬਰ ਨੇ 27 ਫਰਵਰੀ ਨੂੰ ਆਪਣਾ ਬਿਆਨ ਦਰਜ ਕਰਨ ਲਈ ਬੁਲਾਇਆ ਹੈ। 24 ਫਰਵਰੀ ਨੂੰ ਆਸ਼ੀਸ਼ ਚੰਚਲਾਨੀ ਅਤੇ ਰਣਵੀਰ ਇਲਾਹਾਬਾਦੀਆ ਨੂੰ ਆਪਣੇ ਬਿਆਨ ਦਰਜ ਕਰਨ ਲਈ ਬੁਲਾਇਆ ਗਿਆ ਸੀ। ਸਮੈ ਰੈਨਾ ਨੇ 17 ਮਾਰਚ ਤੱਕ ਦਾ ਸਮਾਂ ਮੰਗਿਆ, ਜਿਸ ਨੂੰ ਮਹਾਰਾਸ਼ਟਰ ਸਾਈਬਰ ਨੇ ਦੇਣ ਤੋਂ ਇਨਕਾਰ ਕਰ ਦਿੱਤਾ। ਇਹ ਜਾਣਕਾਰੀ ਯਸ਼ਸਵੀ ਯਾਦਵ, ਆਈ. ਜੀ., ਮਹਾਰਾਸ਼ਟਰ ਸਾਈਬਰ ਵਲੋਂ ਸਾਂਝੀ ਕੀਤੀ ਗਈ।

# ਵਿਜੀਲੈਂਸ ਬਿਊਰੋ ਨੇ 5000 ਰੁਪਏ ਰਿਸ਼ਵਤ ਲੈਂਦਿਆਂ PSPCL ਦੇ ਜੇ.ਈ. ਨੂੰ ਰੰਗੇ ਹੱਥੀਂ ਕੀਤਾ ਕਾਬੂ

ਚੰਡੀਗੜ੍ਹ, (ਲੋਕ ਬਾਣੀ) ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦੇ ਜੂਨੀਅਰ ਇੰਜੀਨੀਅਰ (ਜੇ.ਈ.) ਮਨੋਜ ਕੁਮਾਰ ਨੂੰ 5,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਕੇਸ ਸ਼ਿਕਾਇਤਕਰਤਾ ਨਿਊ ਅਮਰ ਨਗਰ, ਡਾਬਾ, ਲੁਧਿਆਣਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ਤੇ ਦਰਜ ਕੀਤਾ ਗਿਆ ਹੈ। ਸ਼ਿਕਾਇਤਕਰਤਾ, ਜੋ ਕਿ ਇੱਕ ਵੈਲਡਿੰਗ ਦੀ ਦੁਕਾਨ ਚਲਾਉਂਦਾ ਹੈ, ਨੇ ਦੱਸਿਆ ਕਿ ਉਸਦੀ ਪਤਨੀ ਨੇ ਨਿਊ ਅਮਰ ਨਗਰ ਵਿਖੇ ਇੱਕ ਦੋ ਮੰਜ਼ਿਲਾ ਘਰ ਖਰੀਦਿਆ ਸੀ ਅਤੇ ਉਹ ਇਸ ਘਰ ਦੀ ਪਹਿਲੀ ਮੰਜ਼ਿਲ ਤੇ ਇੱਕ ਛੋਟੀ ਫੈਕਟਰੀ ਲਗਾਉਣਾ ਚਾਹੁੰਦਾ ਸੀ, ਜਿਸ ਲਈ 10 ਕਿਲੋਵਾਟ ਦੇ ਵਪਾਰਕ ਬਿਜਲੀ ਮੀਟਰ ਦੀ ਜ਼ਰੂਰਤ ਸੀ।

ਸ਼ਿਕਾਇਤ ਮੁਤਾਬਕ, ਉਸਨੇ ਲੁਧਿਆਣਾ ਦੇ ਜਨਤਾ ਨਗਰ ਸਥਿਤ ਪੀ.ਐਸ.ਪੀ.ਸੀ.ਐਲ. ਦਫ਼ਤਰ ਵਿਖੇ ਨਵੇਂ ਮੀਟਰ ਲਈ ਅਰਜ਼ੀ ਦਿੱਤੀ ਅਤੇ ਲੋੜੀਂਦੀ ਫੀਸ ਜਮ੍ਹਾ ਕਰਵਾਈ। ਪੰਦਰਾਂ ਦਿਨਾਂ ਉਪਰੰਤ, ਉਕਤ ਜੇ.ਈ. ਮਨੋਜ ਕੁਮਾਰ ਨੇ ਜਗ੍ਹਾ ਦਾ ਦੌਰਾ ਕੀਤਾ ਅਤੇ ਫੁੱਟਕਲ ਖਰਚਿਆਂ ਲਈ ਉਸ ਤੋਂ 3,000 ਰੁਪਏ ਲਏ। ਇਸ ਤੋਂ ਬਾਅਦ ਜੇ.ਈ. ਨੇ 15,000 ਰੁਪਏ ਰਿਸ਼ਵਤ ਦੀ ਮੰਗ ਕਰਦਿਆਂ ਕਿਹਾ ਕਿ ਮੀਟਰ ਸਿਰਫ਼ ਰਿਸ਼ਵਤ ਦੇਣ ਤੋਂ ਬਾਅਦ ਹੀ ਲਗਾਇਆ ਜਾਵੇਗਾ।



ਬੁਲਾਰੇ ਨੇ ਦੱਸਿਆ ਕਿ ਜਦੋਂ ਸ਼ਿਕਾਇਤਕਰਤਾ 19 ਫਰਵਰੀ, 2025 ਨੂੰ ਮੀਟਰ ਲਗਾਉਣ ਦੇ ਸਬੰਧ ਵਿੱਚ ਦੁਬਾਰਾ ਪੀ.ਐਸ.ਪੀ.ਸੀ.ਐਲ. ਦਫ਼ਤਰ ਗਿਆ ਤਾਂ ਜੇ.ਈ. ਨੇ ਫਿਰ ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਦੀ ਬੇਨਤੀ ਤੇ, ਉਕਤ ਜੇ.ਈ. 5,000 ਰੁਪਏ ਦੀ ਪੇਸ਼ਗੀ ਲੈਣ ਅਤੇ ਬਾਕੀ ਰਕਮ ਦੀ ਅਦਾਇਗੀ ਮੀਟਰ ਲਗਾਉਣ ਤੋਂ ਬਾਅਦ ਕਰਨ ਲਈ ਸਹਿਮਤ ਹੋ ਗਿਆ। ਫਿਰ ਜੇ.ਈ. ਨੇ ਸ਼ਿਕਾਇਤਕਰਤਾ ਨੂੰ ਰਿਸ਼ਵਤ ਦੇ ਭੁਗਤਾਨ ਲਈ ਦਫ਼ਤਰ ਬੁਲਾਇਆ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤ ਦੀ ਪੜਤਾਲ ਉਪਰੰਤ ਲੁਧਿਆਣਾ ਰੇਂਜ ਦੀ ਵਿਜੀਲੈਂਸ ਟੀਮ ਨੇ ਜਾਲ ਵਿਛਾ ਕੇ ਉਕਤ ਮੁਲਜ਼ਮ ਨੂੰ ਪੀ.ਐਸ.ਪੀ.ਸੀ.ਐਲ. ਦਫ਼ਤਰ, ਜਨਤਾ ਨਗਰ, ਲੁਧਿਆਣਾ ਵਿਖੇ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ 5000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਅ

ਇਸ ਸਬੰਧੀ ਜੇ.ਈ. ਮਨੋਜ ਕੁਮਾਰ ਵਿਰੁੱਧ ਵਿਜੀਲੈਂਸ ਬਿਊਰੋ ਦੇ ਪੁਲਿਸ ਸਟੇਸ਼ਨ, ਲੁਧਿਆਣਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

# ਪਟਿਆਲਾ ਪੁਲਿਸ ਨੇ ਸਪਾ ਸੈਂਟਰ ਚ ਚਲ ਰਹੇ ਦੇਹ ਵਪਾਰ ਧੰਦੇ ਦਾ ਕੀਤਾ ਪਰਦਾਫਾਸ਼, ਸੰਚਾਲਕ ਗ੍ਰਿਫ਼ਤਾਰ



ਪਟਿਆਲਾ-(ਲੋਕ ਬਾਣੀ) ਪਟਿਆਲਾ ਪੁਲਿਸ ਨੇ ਸਪਾ ਸੈਂਟਰ 'ਚ ਚੱਲ ਰਹੇ ਦੇਹ ਵਪਾਰ ਰੈਕੇਟ ਦਾ ਪਰਦਾਫਾਸ਼ ਕੀਤਾ ਹੈ। ਪੁਲੀਸ ਨੇ ਸਪਾ ਸੰਚਾਲਕ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪਟਿਆਲਾ ਪੁਲਿਸ ਵਲੋ ਦਰਜ 69♣ ਮੁਤਾਬਕ ਐਸ ਐਚ ਓ ਹਰਜਿੰਦਰ ਢਿੱਲੋਂ ਸਮੇਤ ਪੁਲਿਸ ਪਾਰਟੀ ਗਸ਼ਤ ਦੌਰਾਨ ਤਲਾਸ਼ ਸ਼ੱਕੀ ਤੇ ਭੇੜੈ ਪੁਰਸ਼ਾ ਦੇ ਸਬੰਧ ਵਿੱਚ ਨੇੜੇ ਪਾਰਕ ਹਸਪਤਾਲ ਨਵਾ ਬੱਸ ਸਟੈਂਡ ਪਟਿਆਲਾ ਕੋਲ ਮੌਜੂਦ ਸਨ। ਪੁਲਿਸ ਨੂੰ ਇਤਲਾਹ ਮਿਲੀ ਕਿ ਦੋਸ਼ੀ ਕਰਮਜੀਤ ਸਿੰਘ, ਜੋ ਕਿ ਪਿੰਡ ਥੇਹੜੀ ਵਿਖੇ 1♣™ ਦੇ ਨਾਮ ਪਰ ਸਪਾ ਸੈਂਟਰ ਚਲਾਉਂਦਾ ਹੈ ਅਤੇ ਥਾਈਲੈਂਡ ਤੋ ਲੜਕੀਆ (ਦਾਰੀਕਾ, ਜੂਲੀ, ਸਵੀਤੀ, ਜੀਨਾ, ਸੈਮੀ, ਗਿਪਸੀ, ਸੁਦਾ, ਸੋਫੀਆ, ਪੀਆ) ਮੰਗਵਾ ਕੇ ਜਿਸਮ ਫਰੋਸ਼ੀ ਦਾ ਧੰਦਾ ਕਰਾਉਦਾ ਹੈ ਅਤੇ ਇੱਕ ਹੋਰ ਦੋਸ਼ੀ ਜਤਿੰਦਰ ਸਿੰਘ ਵੀ ਪੰਜਾਬੀ ਯੂਨੀਵਰਸਿਟੀ ਪਟਿ. ਦੇ ਸਾਹਮਣੇ ਸਨਸ਼ਾਈਨ ਦੇ ਨਾਮ ਤੇ ਬਾਕੀ ਦੋਸ਼ਣਾ ਨਾਲ ਰਲ ਕੇ ਸਪਾ ਸੈਂਟਰ ਚਲਾਉਂਦਾ ਹੈ ਅਤੇ ਸੈਂਟਰ ਅੰਦਰ ਜਿਸਮ ਫਰੋਸੀ ਦਾ ਧੰਦਾ ਕਰਾਉਂਦਾ ਹੈ। ਪੁਲਿਸ ਰੇਡ ਕਰਨ ਤੇ ਦੋਸ਼ੀਆਨ ਨੂੰ ਕਾਬੂ ਕੀਤਾ। ਪਟਿਆਲਾ ਪੁਲਿਸ ਨੇ ਕੁੱਲ 24 ਵਿਅਕਤੀਆਂ ਤੇ ਧਾਰਾ ਫਿਰ U/S C,D,E,G Immoral Traffic Prevention Act ਲੱਗਾ ਅਗਲੀ ਕਰਵਾਈ ਸ਼ੁਰੂ ਕੀਤੀ ਹੈ। ਫਿਲਹਾਲ ਸਪਾ ਸੈਂਟਰਾਂ ਦੇ ਦੋਨੋਂ ਮਾਲਕ ਪੁਲਸ ਦੀ ਗ੍ਰਿਫਤਾਰ ਤੋਂ ਫਰਾਰ ਚੱਲ ਰਹੇ ਹਨ ।ਐਸਐਚਓ ਹਰਜਿੰਦਰ ਢਿੱਲੋ ਵੱਲੋਂ ਸ਼ੋਰ ਕਰਨਾ ਸੀ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਗਈ ਹੈ ਕਿ ਐਵੇਂ ਦਾ ਅਗਰ ਕੋਈ ਹੋਰ ਪਾਸ ਐਂਟਰ ਬਾਰੇ ਤੁਹਾਨੂੰ ਪਤਾ ਲੱਗਦਾ ਹੈ ਤਾਂ ਪੁਲਿਸ ਨੂੰ ਇਤਲਾਹ ਕੀਤਾ ਜਾਵੇ ਤਾਂ ਕਿ ਉਹਨਾਂ ਤੇ ਵੀ ਬਣਦੀ ਕਾਰਵਾਈ ਕੀਤੀ ਜਾਵੇ।

# ਬਾਯਰ ਨੇ 190 ਤੋਂ ਵੱਧ ਟ੍ਰੇਨਿੰਗ ਅਤੇ ਨੌਲਜ ਸ਼ੇਅਰਿੰਗ ਵਰਕਸ਼ਾਪਾਂ ਰਾਹੀਂ 42,000 ਤੋਂ ਵੱਧ ਮੱਕੀ ਕਿਸਾਨਾਂ ਨੂੰ ਸਸ਼ਕਤ ਕੀਤਾ

ਅੰਮ੍ਰਿਤਸਰ - ਸਿਹਤ ਅਤੇ ਖੇਤੀ ਖੇਤਰ ਦੀ ਅਗਰਣੀ ਗਲੋਬਲ ਕੰਪਨੀ ਬਾਯਰ ਨੇ ਹਾਲ ਹੀ ਵਿੱਚ ਪੰਜਾਬ ਵਿੱਚ ਆਪਣੇ ਸਪਰਿੰਗ ਕੌਰਨ ਫੈਸਟਿਵਲ ਦਾ ਸਮਾਪਨ ਕੀਤਾ। ਇੱਕ ਮਹੀਨੇ ਤੱਕ ਚੱਲੇ ਇਸ ਫੈਸਟਿਵਲ ਦਾ ਉਦੇਸ਼ ਕਿਸਾਨਾਂ ਨੂੰ ਮੱਕੀ ਦੀ ਉਤਪਾਦਕਤਾ ਵਧਾਉਣ ਲਈ ਤਕਨੀਕੀ ਗਿਆਨ ਅਤੇ ਖੇਤੀਬਾੜੀ ਵਿਧੀਆਂ ਦੀ ਜਾਣਕਾਰੀ ਦੇਣ ਨਾਲ ਸਸ਼ਕਤ ਕਰਨਾ ਸੀ। ਖੇਤੀ ਦੇ ਮਾਮਲੇ ਵਿੱਚ ਅਗੇ ਰਹਿਣ ਵਾਲੇ ਜ਼ਿਲ੍ਹਿਆਂ ਵਿੱਚ ਵਰਕਸ਼ਾਪਾਂ ਰਾਹੀਂ ਬਾਯਰ ਨੇ ਭਾਰਤ ਦੀ ਆਤਮਨਿਰਭਰਤਾ ਦੀ ਲਕਸ਼੍ਯ ਪ੍ਰਾਪਤੀ ਵਿੱਚ ਮੱਕੀ ਦੇ ਮਹੱਤਵ ਨੂੰ ਉਜਾਗਰ ਕੀਤਾ ਅਤੇ ਉਤਪਾਦਕਤਾ ਅਤੇ ਆਮਦਨ ਵਧਾਉਣ ਲਈ ਕਿਸਾਨਾਂ ਨੂੰ ਕਾਰਗਰ ਔਜ਼ਾਰ ਉਪਲਬਧ ਕਰਵਾਏ।



7 ਜਨਵਰੀ ਤੋਂ 4 ਫਰਵਰੀ ਤੱਕ ਫਤਿਹਗੜ੍ਹ ਸਾਹਿਬ, ਲੁਧਿਆਣਾ, ਪਟਿਆਲਾ, ਮਲੇਰਕੋਟਲਾ, ਸੰਘੂਰ, ਬਠਿੰਡਾ, ਸ਼੍ਰੀ ਮੁਕਤਸਰ ਸਾਹਿਬ, ਜਲੰਧਰ, ਕਪੂਰਥਲਾ, ਹੋਸ਼ਿਆਰਪੁਰ ਅਤੇ ਮੋਗਾ ਸਮੇਤ ਕਈ ਥਾਵਾਂ ਤੇ ਆਯੋਜਿਤ ਕੀਤੀ ਗਈ ਇਸ ਪਹਿਲ ਵਿੱਚ 42,000 ਤੋਂ ਵੱਧ ਕਿਸਾਨਾਂ ਨੇ ਸਥਿਰ ਖੇਤੀ, ਫ਼ਸਲ ਪ੍ਰਬੰਧਨ ਅਤੇ ਤਕਨਾਲੋਜੀ-ਚਲਿਤ ਹੱਲਾਂ 'ਤੇ ਚਰਚਾ ਵਿੱਚ ਹਿੱਸਾ ਲਿਆ।ਮੱਕੀ ਭਾਰਤ ਵਿੱਚ ਅਨਾਜ ਦੇ ਮਾਮਲੇ ਵਿੱਚ ਤੀਜੀ ਸਭ ਤੋਂ ਵੱਡੀ ਫਸਲ ਹੈ। ਰਾਸ਼ਟਰੀ ਜੀਡੀਪੀ ਵਿੱਚ ਇਸ ਦਾ ਲਗਭਗ 400 ਅਰਬ ਰੁਪਏ ਦਾ ਯੋਗਦਾਨ ਹੈ। ਪੰਜਾਬ ਵਿੱਚ ਵਿਕਸਤ ਹੋ ਰਹੀ ਤਿੰਨ-ਫਸਲੀ ਚੱਕਰਣ ਪ੍ਰਣਾਲੀ (ਥ੍ਰੀ-ਕ੍ਰਾਪ ਰੋਟੇਸ਼ਨ ਸਿਸਟਮ) ਵਿੱਚ ਇਸ ਦੀ ਮਹੱਤਵਪੂਰਨ ਭੂਮਿਕਾ ਹੈ। ਕਿਸਾਨ ਤੇਜ਼ੀ ਨਾਲ ਆਰਥਿਕ ਲਾਭ ਲਈ ਬਸੰਤ ਮੱਕੀ (ਸਪ੍ਰਿੰਗ ਕੌਰਨ) ਨੂੰ ਅਪਣਾ ਰਹੇ ਹਨ ਅਤੇ ਇਸ ਨਜ਼ਰੀਏ ਨੂੰ ਵੇਖਦੇ ਹੋਏ, ਬਾਇਅਰ ਉਤਪਾਦਨ ਵਧਾਉਣ, ਪਰਿਆਵਰਨ ਅਨੁਕੂਲਤਾ ਅਤੇ ਬਾਜ਼ਾਰ ਲਿੰਕੇਜ ਵਿੱਚ ਸੁਧਾਰ ਕਰਨ ਨੂੰ ਪ੍ਰੋਤਸਾਹਿਤ ਕਰਨ ਲਈ ਵਚਨਬੱਧ ਹੈ। ਇਸ ਪਹਿਲ ਬਾਰੇ ਬਾਯਰ (ਭਾਰਤ, ਬੰਗਲਾਦੇਸ਼, ਅਤੇ ਸ਼੍ਰੀਲੰਕਾ) ਦੇ ਕ੍ਰਾਪ ਸਾਇੰਸ ਡਿਵਿਜ਼ਨ ਦੇ ਕਲੱਸਟਰ ਕਾਮਰਸ਼ੀਅਲ ਲੀਡ ਮੋਹਨ ਬਾਬੂ ਨੇ ਕਿਹਾ ਕਿ ਬਾਯਰ ਵਿੱਚ ਅਸੀਂ ਨਵੀਨਤਾ ਅਤੇ ਪਰਿਆਵਰਨ-ਅਨੁਕੂਲ ਤਕਨੀਕਾਂ ਰਾਹੀਂ ਮੱਕੀ ਉਗਾਉਣ ਵਾਲੇ ਕਿਸਾਨਾਂ ਦੀ ਉਤਪਾਦਕਤਾ ਅਤੇ ਲਾਭ ਵਧਾਉਣ ਵਿੱਚ ਮਦਦ ਕਰਨ ਲਈ ਸੰਕਲਪਤ ਹਾਂ। ਸਪ੍ਰਿੰਗ ਕੌਰਨ ਫੈਸਟੀਵਲ ਨੇ ਕਿਸਾਨਾਂ ਨੂੰ ਸਹੀ ਜਾਣਕਾਰੀ ਅਤੇ ਸੰਦ ਪ੍ਰਦਾਨ ਕਰਦੇ ਹੋਏ, ਉਤਪਾਦਨ ਸੁਧਾਰਨ, ਬਾਜ਼ਾਰ ਮੌਕਿਆਂ ਨੂੰ ਮਜ਼ਬੂਤ ਕਰਕੇ ਭਾਰਤ ਵਿੱਚ ਖਾਦ ਸੁਰੱਖਿਆ, ਚਾਰੇ ਅਤੇ ਸਾਫ਼ ਇੰਧਨ ਦੀ ਉਪਲਬਧਤਾ ਵਿੱਚ ਯੋਗਦਾਨ ਪਾਉਣ ਲਈ ਸਮਰਥ ਬਣਾਇਆ।

# ਐਸ. ਸੀ. ਡੀ. ਸਰਕਾਰੀ ਕਾਲਜ ਲੁਧਿਆਣਾ ਦੇ ਪੰਜਾਬੀ ਵਿਭਾਗ ਵੱਲੋਂ ਮਾਤ ਭਾਸ਼ਾ ਦਿਵਸ ਨੂੰ ਸਮਰਪਿਤ ਸਮਾਗਮ




ਲੁਧਿਆਣਾ (ਸੁਖਚੈਨ ਮਹਿਰਾ) ਐਸ.ਸੀ.ਡੀ. ਸਰਕਾਰੀ ਕਾਲਜ ਵਿਖੇ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਵੱਲੋਂ ਮਾਤ ਭਾਸ਼ਾ ਦਿਵਸ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਵਿਦਿਆਰਥੀਆਂ ਦੇ ਸਿਰਜਣਾਤਮਕ ਮੁਕਾਬਲੇ ਕਰਵਾਏ ਗਏ। ਇਹਨਾਂ ਮੁਕਾਬਲਿਆਂ ਵਿੱਚ ਵਿਰਾਸਤੀ ਪ੍ਰਸ਼ਨੋਤਰੀ ਮੁਕਾਬਲਾ, ਕਵਿਤਾ ਉਚਾਰਨ ਮੁਕਾਬਲਾ ਅਤੇ ਪੋਸਟਰ ਬਣਾਉਣ ਮੁਕਾਬਲਾ ਕਰਵਾਏ ਗਏ। ਇਸ ਸਮਾਗਮ ਦੌਰਾਨ ਪ੍ਰੋ. ਹਰਸਿਮਰਨ ਕੌਰ ਦੁਆਰਾ ਸੁਆਗਤੀ ਸ਼ਬਦ ਬੋਲੇ ਗਏ। ਸਮਾਗਮ ਦੌਰਾਨ ਕਵਿਤਾ ਉਚਾਰਨ ਮੁਕਾਬਲੇ ਵਿੱਚ ਪ੍ਰੋ. ਹਰਸਿਮਰਨ ਕੌਰ, ਪ੍ਰੋ. ਸਤਨਾਮ ਸਿੰਘ ਵਾਹਿਦ ਅਤੇ ਪ੍ਰੋ. ਮਿਤਾਲੀ ਤਲਵਾਰ ਦੁਆਰਾ ਜੱਜ ਦੀ ਭੂਮਿਕਾ ਨਿਭਾਈ ਗਈ। ਪ੍ਰਸ਼ਨੋਤਰੀ ਮੁਕਾਬਲਾ ਪ੍ਰੋ. ਹਰਜਿੰਦਰ ਸਿੰਘ, ਪ੍ਰੋ. ਦਵਿੰਦਰ ਸਿੰਘ ਅਤੇ ਪ੍ਰੋ. ਹਰਜਿੰਦਰ ਕੌਰ ਦੀ ਨਿਗਰਾਨੀ ਵਿੱਚ ਹੋਇਆ। ਇਸ ਸਮਾਗਮ ਦਾ ਤੀਜਾ ਮੁਕਾਬਲਾ ਪੋਸਟਰ ਬਣਾਉਣਾ ਪ੍ਰੋ. ਲਖਵਿੰਦਰ ਸਿੰਘ, ਪ੍ਰੋ. ਦਿਲਬਾਗ ਸਿੰਘ ਅਤੇ ਪ੍ਰੋ .ਬਲਜੀਤ ਕੌਰ ਦੀ ਨਿਗਰਾਨੀ ਹੇਠ ਹੋਇਆ । ਇਨਾਂ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਨੂੰ ਮੁਖੀ ਪੰਜਾਬੀ ਵਿਭਾਗ ਪ੍ਰੋ. ਗੀਤਾਂਜਲੀ ਪਬਰੇਜਾ ਦੁਆਰਾ ਸਨਮਾਨਿਤ ਕਰਕੇ ਉਹਨਾਂ ਦਾ ਹੌਸਲਾ ਵਧਾਇਆ ਗਿਆ।ਸਮੂਹ ਪੰਜਾਬੀ ਵਿਭਾਗ ਨੇ ਇਸ ਸਮਾਗਮ ਨੂੰ ਨੇਪਰੇ ਚਾੜਨ ਲਈ ਭਰਪੂਰ ਯੋਗਦਾਨ ਦਿੱਤਾ।

# 5000 ਰੁਪਏ ਰਿਸ਼ਵਤ ਲੈਂਦਾ ਪੀ.ਐਸ. ਪੀ.ਸੀ.ਐਲ. ਦਾ ਜੇ.ਈ. ਵਿਜੀਲੈਂਸ ਬਿਊਰੋ ਵੱਲੋਂ ਕਾਬੂ



ਚੰਡੀਗੜ੍ਹ, 21 ਫਰਵਰੀ( ਸੁਖਚੈਨ ਮਹਿਰਾ)

ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦੇ ਜੂਨੀਅਰ ਇੰਜੀਨੀਅਰ (ਜੇ.ਈ.) ਮਨੋਜ ਕੁਮਾਰ ਨੂੰ 5,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਕੇਸ ਸ਼ਿਕਾਇਤਕਰਤਾ ਨਿਊ ਅਮਰ ਨਗਰ, ਡਾਬਾ, ਲੁਧਿਆਣਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ਤੇ ਦਰਜ ਕੀਤਾ ਗਿਆ ਹੈ। ਸ਼ਿਕਾਇਤਕਰਤਾ, ਜੋ ਕਿ ਇੱਕ ਵੈਲਡਿੰਗ ਦੀ ਦੁਕਾਨ ਚਲਾਉਂਦਾ ਹੈ, ਨੇ ਦੱਸਿਆ ਕਿ ਉਸਦੀ ਪਤਨੀ ਨੇ ਨਿਊ ਅਮਰ ਨਗਰ ਵਿਖੇ ਇੱਕ ਦੋ ਮੰਜ਼ਿਲਾ ਘਰ ਖਰੀਦਿਆ ਸੀ ਅਤੇ ਉਹ ਇਸ ਘਰ ਦੀ ਪਹਿਲੀ ਮੰਜ਼ਿਲ ਤੇ ਇੱਕ ਛੋਟੀ ਫੈਕਟਰੀ ਲਗਾਉਣਾ ਚਾਹੁੰਦਾ ਸੀ, ਜਿਸ ਲਈ 10 ਕਿਲੋਵਾਟ ਦੇ ਵਪਾਰਕ ਬਿਜਲੀ ਮੀਟਰ ਦੀ ਜ਼ਰੂਰਤ ਸੀ।

ਸ਼ਿਕਾਇਤ ਮੁਤਾਬਕ, ਉਸਨੇ ਲੁਧਿਆਣਾ ਦੇ ਜਨਤਾ ਨਗਰ ਸਥਿਤ ਪੀ.ਐਸ. ਪੀ.ਸੀ.ਐਲ. ਦਫ਼ਤਰ ਵਿਖੇ ਨਵੇਂ ਮੀਟਰ ਲਈ ਅਰਜ਼ੀ ਦਿੱਤੀ ਅਤੇ ਲੋੜੀਂਦੀ ਫੀਸ ਜਮ੍ਹਾ ਕਰਵਾਈ। ਪੰਦਰਾਂ ਦਿਨਾਂ ਉਪਰੰਤ, ਉਕਤ ਜੇ.ਈ. ਮਨੋਜ ਕੁਮਾਰ ਨੇ ਜਗ੍ਹਾ ਦਾ ਦੌਰਾ ਕੀਤਾ ਅਤੇ ਫੁੱਟਕਲ ਖਰਚਿਆਂ ਲਈ ਉਸ ਤੋਂ 3,000 ਰੁਪਏ ਲਏ। ਇਸ ਤੋਂ ਬਾਅਦ ਜੇ.ਈ. ਨੇ 15,000 ਰੁਪਏ ਰਿਸ਼ਵਤ ਦੀ ਮੰਗ ਕਰਦਿਆਂ ਕਿਹਾ ਕਿ ਮੀਟਰ ਸਿਰਫ਼ ਰਿਸ਼ਵਤ ਦੇਣ ਤੋਂ ਬਾਅਦ ਹੀ ਲਗਾਇਆ ਜਾਵੇਗਾ।

ਬੁਲਾਰੇ ਨੇ ਦੱਸਿਆ ਕਿ ਜਦੋਂ ਸ਼ਿਕਾਇਤਕਰਤਾ 19 ਫਰਵਰੀ, 2025 ਨੂੰ ਮੀਟਰ ਲਗਾਉਣ ਦੇ ਸਬੰਧ ਵਿੱਚ ਦੁਬਾਰਾ ਪੀ.ਐਸ.ਪੀ.ਸੀ.ਐਲ. ਦਫ਼ਤਰ ਗਿਆ ਤਾਂ ਜੇ.ਈ. ਨੇ ਫਿਰ ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਦੀ ਬੇਨਤੀ ਤੇ, ਉਕਤ ਜੇ.ਈ. 5,000 ਰੁਪਏ ਦੀ ਪੇਸ਼ਗੀ ਲੈਣ ਅਤੇ ਬਾਕੀ ਰਕਮ ਦੀ ਅਦਾਇਗੀ ਮੀਟਰ ਲਗਾਉਣ ਤੋਂ ਬਾਅਦ ਕਰਨ ਲਈ ਸਹਿਮਤ ਹੋ ਗਿਆ। ਫਿਰ ਜੇ.ਈ. ਨੇ ਸ਼ਿਕਾਇਤਕਰਤਾ ਨੂੰ ਰਿਸ਼ਵਤ ਦੇ ਭੁਗਤਾਨ ਲਈ ਦਫ਼ਤਰ ਬੁਲਾਇਆ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤ ਦੀ ਪੜਤਾਲ ਉਪਰੰਤ ਲੁਧਿਆਣਾ ਰੇਂਜ ਦੀ ਵਿਜੀਲੈਂਸ ਟੀਮ ਨੇ ਜਾਲ ਵਿਛਾ ਕੇ ਉਕਤ ਮੁਲਜ਼ਮ ਨੂੰ ਪੀ.ਐਸ.ਪੀ.ਸੀ.ਐਲ. ਦਫ਼ਤਰ, ਜਨਤਾ ਨਗਰ, ਲੁਧਿਆਣਾ ਵਿਖੇ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ 5000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜੇ.ਈ. ਮਨੋਜ ਕੁਮਾਰ ਵਿਰੁੱਧ ਵਿਜੀਲੈਂਸ ਬਿਊਰੋ ਦੇ ਪੁਲਿਸ ਸਟੇਸ਼ਨ, ਲੁਧਿਆਣਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

# ਪੰਜਾਬੀ ਮਾਂ ਬੋਲੀ ਜਾਗਰੂਕਤਾ ਮਾਰਚ ਫਗਵਾੜਾ ਵਿਖੇ ਕੱਢਿਆ ਗਿਆ

ਫਗਵਾੜਾ, 21 ਫਰਵਰੀ ( ਸੁਸ਼ੀਲ ਸ਼ਰਮਾ ) - ਪੰਜਾਬੀ ਕਲਾ ਅਤੇ ਸਾਹਿਤ ਕੇਂਦਰ, ਸੰਗੀਤ ਦਰਪਣ, ਪੰਜਾਬੀ ਵਿਰਸਾ ਟਰੱਸਟ ਅਤੇ ਸਹਾਰਾ ਵੈਲਫੇਅਰ ਕਲੱਬ ਵਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੰਜਾਬੀ ਮਾਂ ਬੋਲੀ ਜਾਗਰੂਕਤਾ ਮਾਰਚ ਫਗਵਾੜਾ ਵਿਖੇ ਆਯੋਜਿਤ ਕੀਤਾ ਗਿਆ। ਇਹ ਵਿਸ਼ਾਲ ਮਾਰਚ ਬਲੱਡ ਬੈਂਕ, ਗੁਰੂ ਹਰਿਗੋਬਿੰਦ ਨਗਰ ਫਗਵਾੜਾ ਤੋਂ ਸ਼ੁਰੂ ਹੋਇਆ ਅਤੇ ਸੈਂਟਰਲ ਟਾਊਨ, ਲੋਹਾ ਮੰਡੀ, ਗਾਂਧੀ ਚੌਂਕ ਛੱਤੀ ਖੂਹੀ, ਗਊਸ਼ਾਲਾ ਬਜ਼ਾਰ , ਬਾਂਸਾ ਬਜ਼ਾਰ ਤੋਂ ਹੁੰਦਾ ਹੋਇਆ ਪੁਰਾਣਾ ਡਾਕਖਾਨਾ, ਸਰਕਾਰੀ ਸਕੂਲ ਤੋਂ ਬਾਅਦ ਬਲੱਡ ਬੈਂਕ ਦੇ ਸਾਹਮਣੇ ਪਾਰਕ ਵਿੱਚ ਸਮਾਪਤ ਹੋਇਆ, ਜਿਥੇ ਵਿਦਿਆਰਥੀਆਂ ਦਾ ਕਵਿਤਾ ਗਾਇਨ ਮੁਕਾਬਲਾ ਕਰਵਾਇਆ ਗਿਆ। ਜੋਗਿੰਦਰ ਸਿੰਘ ਮਾਨ ਸਾਬਕਾ ਮੰਤਰੀ ਪੰਜਾਬ, ਰਾਮਪਾਲ ਉੱਪਲ ਮੇਅਰ ਨਗਰ ਨਿਗਮ ਫਗਵਾੜਾ, ਨਵਨੀਤ ਕੌਰ ਬੱਲ ਏ.ਡੀ.ਸੀ.-ਕਮ-ਕਮਿਸ਼ਨਰ ਕਾਰਪੋਰੇਸ਼ਨ ਫਗਵਾੜਾ, ਰੁਪਿੰਦਰ ਕੌਰ ਐਸ. ਪੀ. ਫਗਵਾੜਾ, ਕੇ.ਕੇ. ਸਰਦਾਨਾ ਚੇਅਰਮੈਨ ਬਲੱਡ ਬੈਂਕ, ਜਸ਼ਨਜੀਤ ਸਿੰਘ ਐਸ.ਡੀ.ਐਮ. ਫਗਵਾੜਾ, ਤਹਿਸੀਲਦਾਰ ਬਰਜਿੰਦਰ ਸਿੰਘ, ਮਨਦੀਪ ਸਿੰਘ ਨਾਇਬ ਤਹਿਸੀਲਦਾਰ, ਕਸ਼ਮੀਰ ਸਿੰਘ ਮੱਲੀ ਚੇਅਰਮੈਨ ਇਮਪਰੂਵਮੈਂਟ ਟਰੱਸਟ ਫਗਵਾੜਾ, ਪ੍ਰਸਿੱਧ ਲੇਖਕ ਪ੍ਰੋ. ਜਸਵੰਤ ਸਿੰਘ ਗੰਡਮ ਪ੍ਰਧਾਨ ਪੰਜਾਬੀ ਵਿਰਸਾ ਟਰੱਸਟ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਾਮਲ ਹੋਏ ਅਤੇ ਮਾਰਚ ਨੂੰ ਸਾਂਝੇ ਤੌਰ ਤੇ ਹਰੀ ਝੰਡੀ ਦਿੱਤੀ।

ਆਦਰਸ਼ ਬਾਲ ਵਿਦਿਆਲਾ ਦੇ ਬੈਂਡ ਨੇ ਮਨੋਹਰ ਸੰਗੀਤਕ ਧੁਨਾਂ ਨਾਲ ਮਾਰਚ ਦੀ ਆਗਵਾਈ ਕੀਤੀ। ਤਰਨਜੀਤ ਸਿੰਘ ਕਿੰਨੜਾ ਅਤੇ ਪ੍ਰਿੰ. ਗੁਰਮੀਤ ਸਿੰਘ ਪਲਾਹੀ, ਹਰੀ ਪਾਲ ਸਿੰਘ ਅਤੇ ਅਮਿਤ ਸ਼ੁਕਲਾ ਦੀ ਅਗਵਾਈ ਵਿੱਚ ਕਰਵਾਏ ਗਏ ਇਸ ਵਿਸ਼ਾਲ ਮਾਰਚ ਵਿੱਚ ਵੱਖੋ-ਵੱਖਰੀਆਂ ਪਾਰਟੀਆਂ ਦੇ ਸਿਆਸੀ ਆਗੂ, ਲੇਖਕ, ਪੱਤਰਕਾਰ, ਲੇਖਕ ਸਾਹਿਤ ਸਭਾਵਾਂ, ਗ਼ੈਰ-ਸਰਕਾਰੀ ਸੰਸਥਾਵਾਂ ਦੇ ਨੁਮਾਇੰਦੇ, ਪੰਜਾਬੀ ਪ੍ਰੇਮੀ, ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਹਿੱਸਾ ਲਿਆ। ਵਿਦਿਆਰਥੀਆਂ ਅਤੇ ਪੰਜਾਬੀ ਪ੍ਰੇਮੀਆਂ ਨੇ ਆਪਣੇ ਹੱਥਾਂ ਵਿੱਚ ਪੰਜਾਬੀ ਦੇ ਹੱਕ ਵਿੱਚ ਤਖ਼ਤੀਆਂ ਚੁੱਕੀਆਂ ਹੋਈਆਂ ਸਨ, ਹੱਥਾਂ ਚ ਬੈਨਰ ਜਿਹਨਾਂ ਉਤੇ ਮਾਂ-ਬੋਲੀ ਨੂੰ ਭੁੱਲ ਜਾਓਗੇ, ਕੱਖਾਂ ਵਾਂਗਰ ਰੁਲ ਜਾਓਗੇ, ਮਾਂ-ਬੋਲੀ ਦਾ ਸਤਿਕਾਰ ਕਰੋ, ਪੰਜਾਬੀ ਮੇਰੀ ਜਾਨ ਵਰਗੀ, ਪੰਜਾਬੀ ਮੇਰੀ ਪਹਿਚਾਣ ਵਰਗੀ, ਬੋਲੀ ਜਿਊਂਦੀ ਰਹੀ ਤਾਂ ਪੰਜਾਬੀ ਜਿਊਂਦੇ ਰਹਿਣਗੇ ਆਦਿ ਫੜੇ ਹੋਏ ਸਨ ਅਤੇ ਉਹ ਨਾਹਰੇ ਮਾਰਦੇ ਬਜ਼ਾਰਾਂ ਵਿੱਚ ਆਪਣੀ ਅਵਾਜ਼ ਨਾਲ ਲੋਕਾਂ ਨੂੰ ਆਪਣੀ ਮਾਂ-ਬੋਲੀ ਪੰਜਾਬੀ ਨਾਲ ਪਿਆਰ ਕਰਨ ਦਾ ਸੁਨੇਹਾ ਦੇ ਰਹੇ ਸਨ। ਬਜ਼ਾਰ ਵਿੱਚ ਥਾਂ-ਥਾਂ ਤੇ ਵੱਖੋ-ਵੱਖਰੀਆਂ ਸੰਸਥਾਵਾਂ ਜਿਹਨਾਂ ਵਿੱਚ ਗੁਰੂ ਰਵਿਦਾਸ ਮੰਦਿਰ ਕਮੇਟੀ ਦੇ ਪ੍ਰਧਾਨ ਅਤੇ ਸ਼ੂਅਜ਼ ਐਸੋਸੀਏਸ਼ਨ ਦੇ ਪ੍ਰਧਾਨ ਦਵਿੰਦਰ ਕੁਲਥਮ ਅਤੇ ਕੱਪੜਾ ਐਸੋਸੀਏਸ਼ਨ ਦੇ ਪ੍ਰਧਾਨ ਅਸ਼ੋਕ ਕੁਲਥਮ, ਗਾਂਧੀ ਚੌਂਕ ਐਸੋਸੀਏਸ਼ਨ ਦੇ ਪ੍ਰਧਾਨ ਰਕੇਸ਼ ਬੰਗਾ ਅਤੇ ਹੋਰ ਦੁਕਾਨਦਾਰਾਂ ਵੱਲੋਂ ਉਹਨਾਂ ਉਤੇ ਥਾਂ-ਥਾਂ ਫੁੱਲਾਂ ਦੀ ਵਰਖਾ ਕੀਤੀ ਗਈ। ਮਾਰਚ ਵਿੱਚ ਰਾਮਗੜ੍ਹੀਆ ਪੌਲੀਟੈਕਨਿਕ ਕਾਲਜ, ਰਾਮਗੜ੍ਹੀਆ ਭਾਈ ਲਾਲੋ ਕਾਲਜ, ਕਮਲਾ ਨਹਿਰੂ ਸਕੂਲ, ਆਰੀਆ ਮਾਡਲ ਸੀਨੀਅਰ ਸੈਕੰਡਰੀ ਸਕੂਲ, ਰਾਮਗੜ੍ਹੀਆ ਗਰਲਜ਼ ਸੀਨੀਅਰ ਸੈਕੰਡਰੀ ਸਕੂਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਤੇ ਲੜਕੀਆਂ, ਐਸ.ਡੀ.ਮਾਡਲ ਸੀਨੀਅਰ ਸੈਕੰਡਰੀ ਸਕੂਲ, ਬੀ.ਕੇ.ਜੇ. ਐਪਲ ਔਰਜਿਰਡ ਸਕੂਲ ਦੇ ਵਿਦਿਆਰਥੀ ਅਤੇ ਅਧਿਆਪਕ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਇਸ ਸਮੇਂ ਹੋਰਨਾਂ ਤੋਂ ਬਿਨ੍ਹਾਂ ਮਲਕੀਅਤ ਸਿੰਘ ਰਗਬੋਤਰਾ ਪ੍ਰਧਾਨ ਬਲੱਡ ਬੈਂਕ, ਪ੍ਰੋ.ਜਸਵੰਤ ਸਿੰਘ ਗੰਡਮ, ਤਰਨਜੀਤ ਸਿੰਘ ਕਿੰਨੜਾ, ਪ੍ਰਿੰ: ਗੁਰਮੀਤ ਸਿੰਘ ਪਲਾਹੀ, ਐਡਵੋਕੇਟ ਸੰਤੋਖ ਲਾਲ ਵਿਰਦੀ, ਰਵਿੰਦਰ ਚੋਟ, ਰਵਿੰਦਰ ਸਿੰਘ ਰਾਏ, ਹਰਮਿੰਦਰ ਸਿੰਘ ਬਸਰਾ, ਪ੍ਰਿੰ. ਤਰਸੇਮ ਸਿੰਘ, ਮਨੋਜ ਮਿੱਢਾ, ਰਣਜੀਤ ਸਿੰਘ ਖੁਰਾਨਾ, ਪਰਮਜੀਤ ਸਿੰਘ ਖੁਰਾਨਾ ਕੌਂਸਲਰ, ਬਹਾਦਰ ਸਿੰਘ ਸੰਗਤਪੁਰ, ਐਡਵੋਕੇਟ ਅਭੇ ਸ਼ਰਮਾ, ਹਰਵਿੰਦਰ ਸਿੰਘ ਲਵਲੀ , ਗੁਰਦੀਪ ਸਿੰਘ ਕੰਗ, ਹਰਦੇਵ ਸਿੰਘ ਨਾਮਧਾਰੀ, ਪ੍ਰੀਤਮ ਸਿੰਘ ਨਾਮਧਾਰੀ, ਪਾਲੀ ਨਾਮਧਾਰੀ, ਭੁਪਿੰਦਰ ਸਿੰਘ ਕਾਲੀ, ਰਿਪਲ ਪੁਰੀ, ਅਮਿਤ ਸ਼ੁਕਲਾ, ਹਰੀਪਾਲ ਸਿੰਘ, ਪ੍ਰਿਥੀਪਾਲ ਸਿੰਘ ਬੋਲਾ, ਪ੍ਰਿੰਤਪਾਲ ਕੌਰ ਤੁੱਲੀ, ਗੁਰਦੀਪ ਸੈਣੀ, ਮਾਸਟਰ ਸੁਖਦੇਵ ਸਿੰਘ, ਸਰਬਜੀਤ ਕੰਡਾ, ਚੇਤਨ ਬਜਾਜ, ਡਾ. ਮਨਦੀਪ ਸਿੰਘ, ਅਮਿਤ ਤਰੇਹਨ, ਡਾ. ਰਮਨਦੀਪ ਸਿੰਘ ਕਿੰਨੜਾ, ਡਾ. ਭਰਤ ਅਹੁਜਾ, ਗੋਪੀ ਬੇਦੀ, ਤਜਿੰਦਰ ਸਿੰਘ ਮੌਡਰਨ ਸ਼ੂਅਜ਼, ਰਾਮਪਾਲ ਸਾਹਨੀ, ਮਾਸਟਰ ਜੋਸ਼ੀ, ਮੈਡਮ ਦਲਜੀਤ ਕੌਰ, ਮੈਡਮ ਨੀਲਮ ਕੁਮਾਰੀ, ਕਮਲ ਬੱਗਾ, ਸਤਨਾਮ ਸਿੰਘ ਸੱਚਦੇਵਾ ਅਤੇ ਗੁਰਪ੍ਰੀਤ ਸਿੰਘ ਮੱਕੜ, ਯਸ਼ਪਾਲ ਰਾਏ ਬਾਵਾ ਮੈਡੀਕਲ ਹਾਲ, ਗੁਰਸ਼ਰਨ ਸਿੰਘ ਸਾਬਕਾ ਸਰਪੰਚ ਆਦਿ ਹਾਜ਼ਰ ਸਨ। ਪ੍ਰੋ. ਜਸਵੰਤ ਸਿੰਘ ਗੰਡਮ ਨੇ ਮਾਂ-ਬੋਲੀ ਦੀ ਵਿਸ਼ੇਸ਼ਤਾ ਅਤੇ ਮਨੁੱਖੀ ਸਖ਼ਸ਼ੀਅਤ ਵਿੱਚ ਇਸ ਦੀ ਅਹਿਮੀਅਤ ਬਾਰੇ ਵਿਸ਼ੇਸ਼ ਤੌਰ ਤੇ ਚਾਨਣਾ ਪਾਇਆ ਅਤੇ ਪੰਜਾਬੀਆਂ ਨੂੰ ਆਪਣੀ ਮਾਂ-ਬੋਲੀ ਪੰਜਾਬੀ ਨਾਲ ਜੁੜੇ ਰਹਿਣ ਦੀ ਅਪੀਲ ਕੀਤੀ ਅਤੇ ਅਫ਼ਸਰ ਸਾਹਿਬਾਨਾਂ ਨੂੰ ਖ਼ਾਸ ਤੌਰ ਤੇ ਬੇਨਤੀ ਕੀਤੀ ਕਿ ਉਹ ਆਪਣੇ ਦਫ਼ਤਰਾਂ ਵਿੱਚ ਪੰਜਾਬੀ ਬੋਲੀ ਦੀ ਵਰਤੋਂ ਯਕੀਨੀ ਬਣਾਉਣ।

ਪ੍ਰੋਗਰਾਮ ਦੀ ਸਮਾਪਤੀ ਸਮਾਰੋਹ ਸਮੇਂ ਬੋਲਦਿਆਂ ਤਰਨਜੀਤ ਸਿੰਘ ਕਿੰਨੜਾ ਨੇ ਸ਼ਹਿਰੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਕਾਰੋਬਾਰ ਪੰਜਾਬੀ ਵਿੱਚ ਕਰਨ ਤਾਂ ਕਿ ਪੰਜਾਬੀ ਦਾ ਪਸਾਰਾ ਹੋ ਸਕੇ। ਉਹਨਾ ਨੇ ਸਕੂਲਾਂ, ਕਾਲਜਾਂ ਦੇ ਪ੍ਰਬੰਧਕਾਂ ਨੂੰ ਪੰਜਾਬੀ ਬੋਲੀ ਨੂੰ ਪੂਰਨ ਰੂਪ ਵਿੱਚ ਅਪਨਾਉਣ ਦੀ ਅਪੀਲ ਵੀ ਕੀਤੀ। ਪ੍ਰਿੰ. ਗੁਰਮੀਤ ਸਿੰਘ ਪਲਾਹੀ ਨੇ ਕਿਹਾ ਕਿ ਇਸ ਸਮੇਂ ਲੋੜ ਸਰਕਾਰੀ ਦਫ਼ਤਰਾਂ ਵਿੱਚ ਪੂਰਨ ਤੌਰ ਤੇ ਪੰਜਾਬੀ ਲਾਗੂ ਕਰਨ ਦੀ ਹੈ। ਉਹਨਾਂ



ਨੇ ਅਦਾਲਤਾਂ ਵਿੱਚ ਪੰਜਾਬੀ ਭਾਸ਼ਾ ਵਿੱਚ ਕੰਮ ਕਰਨ ਦੀ ਲੋੜ ਤੇ ਜ਼ੋਰ ਵੀ ਦਿੱਤਾ। ਮਲਕੀਅਤ ਸਿੰਘ ਰਗਬੋਤਰਾ ਨੇ ਅੰਤਰਰਾਸ਼ਟਰੀ ਮਾਂ-ਬੋਲੀ ਦੇ ਸੰਬੰਧ ਵਿੱਚ ਵਿਚਾਰ ਪੇਸ਼ ਕਰਦਿਆਂ ਦੱਸਿਆ ਕਿ ਯੂਨੈਸਕੋ ਵੱਲੋਂ 21 ਫਰਵਰੀ ਦਾ ਦਿਹਾੜਾ ਮਾਂ-ਬੋਲੀ ਨੂੰ ਸਮਰਪਿਤ ਕੀਤਾ ਗਿਆ ਹੈ। ਇਸ ਸਮੇਂ ਸਾਰੇ ਸਕੂਲਾਂ ਨੂੰ ਸਨਮਾਨ ਪੱਤਰ ਦਿੱਤੇ ਗਏ। ਕਵਿਤਾ ਗਾਇਨ ਮੁਕਾਬਲੇ ਵਿੱਚ ਪਹਿਲੇ ਨੰਬਰ ਤੇ ਨਿਧੀ, ਦੂਜੇ ਨੰਬਰ ਤੇ ਅਸ਼ਮੀਤ ਕੌਰ ਕਮਲਾ ਨਹਿਰੂ ਸਕੂਲ ਅਤੇ ਤੀਜੇ ਨੰਬਰ ਤੇ ਲਵਦੀਪ ਕੌਰ ਗੁਰੂ ਨਾਨਕ ਭਾਈ ਲਾਲੋ ਰਾਮਗੜ੍ਹੀਆ ਕਾਲਜ ਫਾਰ ਵੋਮੈਨ, ਆਏ ਅਤੇ ਇਹਨਾ ਵਿਦਿਆਰਥੀਆਂ ਨੂੰ ਪੰਜਾਬੀ ਕਲਾ ਅਤੇ ਸਾਹਿਤ ਕੇਂਦਰ ਦੇ ਪ੍ਰਧਾਨ ਤਰਨਜੀਤ ਸਿੰਘ ਕਿੰਨੜਾ, ਪੰਜਾਬੀ ਵਿਰਸਾ ਟਰੱਸਟ ਦੇ ਜਨਰਲ ਸਕੱਤਰ ਪ੍ਰਿੰ. ਗੁਰਮੀਤ ਸਿੰਘ ਪਲਾਹੀ ਅਤੇ ਐਡਵੋਕੇਟ ਐਸ.ਐਲ. ਵਿਰਦੀ ਨੇ ਪੁਰਸਕਾਰ ਪ੍ਰਦਾਨ ਕੀਤੇ। ਇਸ ਸਮੇਂ ਵੱਖੋ-ਵੱਖਰੀਆਂ ਸੰਸਥਾਵਾਂ ਦੇ ਅਹੁਦੇਦਾਰਾਂ ਨੂੰ ਪੰਜਾਬੀ ਦੀਆਂ ਪੁਸਤਕਾਂ ਪੰਜਾਬੀ ਵਿਰਸਾ ਟਰੱਸਟ (ਰਜਿ.) ਫਗਵਾੜਾ ਵੱਲੋਂ ਭੇਂਟ ਕੀਤੀਆਂ ਗਈਆਂ। ਮਾਰਚ ਵਿੱਚ ਸ਼ਾਮਲ ਧਾਰਮਿਕ ਸਮਾਜਿਕ, ਸਾਹਿਤਕ, ਸਿਆਸੀ, ਵਿਦਿਅਕ ਸੰਸਥਾਵਾਂ ਦਾ ਮਾਰਚ ਵਿੱਚ ਸ਼ਾਮਲ ਹੋਣ ਲਈ ਧੰਨਵਾਦ ਤਰਨਜੀਤ ਸਿੰਘ ਕਿੰਨੜਾ ਅਤੇ ਪ੍ਰਿੰ. ਗੁਰਮੀਤ ਸਿੰਘ ਪਲਾਹੀ ਵੱਲੋਂ ਕੀਤਾ ਗਿਆ ।

# ਮਹਾਸ਼ਿਵਰਾਤਰੀ ਦੇ ਸੰਬੰਧ ਵਿੱਚ ਸ਼ਾਮ ਫੇਰੀ ਦਾ ਦਰਬਾਰ ਦਾਤਾ ਅਲੀ ਅਹਿਮਦ ਸਾਬਰੀ ਸ਼ੀਲਾ ਮੰਹਤ ਸਾਬਰੀ ਬਾਬਾ ਅਸ਼ੋਕ ਸ਼ਾਹ ਕਾਦਰੀ ਦਰਬਾਰ ਭਗਤਪੁਰਾ ਵਿਖੇ ਪਹੁੰਚਣ ਤੇ ਹੋਇਆ ਨਿੱਘਾ ਸਵਾਗਤ

ਫਗਵਾੜਾ 21 ਫਰਵਰੀ (ਸੁਸ਼ੀਲ ਸ਼ਰਮਾ) ਸ਼੍ਰੀ ਸਨਾਤਨ ਧਰਮ ਮੰਦਰ ਕਮੇਟੀ (ਰਜਿ.) ਸ਼ਿਵ ਮੰਦਰ ਭਗਤਪੁਰਾ ਫਗਵਾੜਾ ਵਲੋਂ ਮਹਾਸ਼ਿਵਰਾਤਰੀ ਦੇ ਸੰਬੰਧ ਵਿੱਚ ਲਗਾਤਾਰ ਪ੍ਰਭਾਤ ਫੇਰੀਆਂ ਕੱਢੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਅੱਜ ਸ਼ਾਮ ਫੇਰੀ ਦਰਬਾਰ ਦਾਤਾ ਅਲੀ ਅਹਿਮਦ ਸਾਬਰੀ ਸ਼ੀਲਾ ਮੰਹਤ ਸਾਬਰੀ ਬਾਬਾ ਅਸ਼ੋਕ ਸ਼ਾਹ ਕਾਦਰੀ ਦਰਬਾਰ ਭਗਤਪੁਰਾ ਵਿਖੇ ਪਹੁੰਚੀ, ਜਿੱਥੇ ਇਸ ਪ੍ਰਭਾਤ ਫੇਰੀ ਦਾ ਡੇਰਾ ਮੁਖੀ ਹਾਜੀ ਜੋਤੀ ਮੰਹਤ ਗੱਦੀ ਨਸ਼ੀਨ ਭਗਤਪੁਰਾ ਵੱਲੋਂ ਫੁੱਲਾਂ ਦੀ ਵਰਖਾ ਕਰ ਉਤਸ਼ਾਹ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ ਸ੍ਰੀ ਸਨਾਤਨ ਧਰਮ ਮੰਦਰ ਕਮੇਟੀ ਰਜਿ ਸ਼ਿਵ ਮੰਦਰ ਭਗਤਪੁਰਾ ਦੀ ਸ੍ਰੀ ਸਰਸਵਤੀ ਸਕ੍ਰੀਤਨ ਮੰਡਲੀ ਦੇ ਮੈਂਬਰ ਰਮਾ ਰਾਣੀ,ਨਰੇਸ਼ ਕੁਮਾਰੀ,ਆਰਤੀ ਵਲੋਂ ਭਗਵਾਨ ਸ਼ਿਵ ਦੀ ਅਰਾਧਨਾ ਕਰ ਭਜਨ ਗਾਇਨ ਕੀਤਾ ਗਿਆ। ਇਸ ਮੌਕੇ ਪ੍ਰਭਾਤ ਫੇਰੀ ਨਾਲ ਆਈ ਹੋਈ ਸੰਗਤਾਂ ਲਈ ਚਾਹ ਅਤੇ ਨ੍ਰਿਊਟ੍ਰੀ ਕੁਲਚੇ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਸ਼੍ਰੀ ਸਨਾਤਨ ਧਰਮ ਮੰਦਰ ਕਮੇਟੀ (ਰਜਿ.) ਸ਼ਿਵ ਮੰਦਰ ਭਗਤਪੁਰਾ ਦੇ ਪ੍ਰਧਾਨ ਰਾਜੀਵ ਸ਼ਰਮਾ ਅਤੇ ਸ੍ਰੀ ਸਰਸਵਤੀ ਸਕ੍ਰੀਤਨ ਮੰਡਲੀ ਵਲੋਂ ਡੇਰੇ ਦੇ ਮੁੱਖ ਸੇਵਾਦਾਰ ਜੋਤੀ ਮੰਹਤ,ਗੋਰੀ ਮੰਹਤ,ਨੀਸ਼ਾ ਮੰਹਤ ਨੂੰ ਸਰੋਪਾ ਭੇਟ ਕਰ ਸਨਮਾਨਿਤ ਕੀਤਾ ਗਿਆ। ਇਸੇ ਤਰ੍ਹਾਂ ਡੇਰੇ ਵਲੋਂ ਡੇਰੇ ਦੇ ਮੁੱਖ ਸੇਵਾਦਾਰ ਜੋਤੀ ਮੰਹਤ ਵਲੋਂ ਵੀ ਮੰਦਰ ਕਮੇਟੀ ਪ੍ਰਧਾਨ ਰਾਜੀਵ ਸ਼ਰਮਾ ਅਤੇ ਸਕੀਰਤਨ ਮੰਡਲੀ ਮੈਂਬਰਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਨੀਸ਼ਾ ਮੰਹਤ,ਗੋਰੀ ਮੰਹਤ,ਅਨੂੰ ਸਹੋਤਾ,ਅਸ਼ਵਨੀ ਸਹੋਤਾ,ਮੰਗਾ, ਸ਼ੋਕਤ ਅਲੀ,ਰਮੇਸ਼,ਜੋਨੀ,ਸਮਾਜ ਸੇਵੀ ਡਾ.ਰਮਨ,ਜੀਵਨ ਸੰਘਾ, ਸਾਬਕਾ ਕੌਸਲਰ ਪ੍ਰਮਜੀਤ ਕੌਰ ਕੰਬੋਜ,ਸਰਬਜੀਤ ਕੌਰ,ਕੌਂਸਲਰ ਪ੍ਰਿਤਪਾਲ ਕੌਰ ਤੂਲੀ,ਨਰਿੰਦਰਪਾਲ ਸਿੰਘ ਮਾਹੀ,ਜੀਵਨ ਸੰਘਾ, ਨਿਤਿਨ ਚੋਧਰੀ,ਸ਼ਾਮ ਲਾਲ ਸੈਣੀ,ਵਿਸ਼ਾਲ ਸ਼ਰਮਾ,ਸੁਨੀਲ ਕੁਮਾਰ,ਅਮਰਜੀਤ ਗੋਗਨਾ,ਹਰਜਿੰਦਰ ਗੋਗਨਾ,ਪ੍ਰਮੋਦ ਗੁਪਤਾ, ਤ੍ਰਿਪਤਾ ਸ਼ਰਮਾ,ਨੀਲਮ,ਰਾਧਾ ਰਾਣੀ,ਪ੍ਰੇਮ ਕੁਮਾਰੀ,ਨੀਲਮ ਸ਼ਰਮਾ ,ਸੁਭਾਸ਼ ਭੱਲਾ,ਵੰਦਨਾ,ਸੁਦ ਰਸ਼ਨ,ਨਰੇਸ਼,ਹੇਮਾ,ਸੁਰਜੀਤ ਕੌਰ,ਪੂਜਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ।



ਲੋਕ ਬਾਣੀ

# ਸੋਨੀ ਅਤੇ ਅੰਕਿਤ ਦੀਆਂ ਲਾਸ਼ਾਂ ਕਾਨਪੁਰ ਦੇ ਦੁਹਰੂ ਚ ਲਟਕਦੀਆਂ ਮਿਲੀਆਂ




ਕਾਨਪੁਰ। ( ਸੁਨੀਲ ਬਾਜਪਾਈ ) ਸਜੇਤੀ ਖੇਤਰ ਦੇ ਪਿੰਡ ਦੁਹਰੂ ਵਿੱਚ ਇੱਕ ਖੰਡਰ ਘਰ ਵਿੱਚ ਲਟਕਦੀਆਂ ਮਿਲੀਆਂ ਇੱਕ ਨੌਜਵਾਨ ਅਤੇ ਲੜਕੀ ਦੀਆਂ ਲਾਸ਼ਾਂ ਦੀ ਪਛਾਣ ਹੋ ਗਈ ਹੈ। ਇਹ ਦੋਵੇਂ ਬੀਤੇ ਬੁੱਧਵਾਰ ਨੂੰ ਉਸੇ ਫਾਹੇ ਨਾਲ ਲਟਕਦੇ ਮਿਲੇ ਸਨ। ਦੋ ਦਿਨਾਂ ਦੀ ਪੁਲਿਸ ਜਾਂਚ ਤੋਂ ਬਾਅਦ ਹੁਣ ਪ੍ਰੇਮੀ ਜੋੜੇ ਦੀਆਂ ਲਾਸ਼ਾਂ ਦੀ ਪਛਾਣ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੇ ਸੋਨੀ ਅਤੇ ਅੰਕਿਤ ਵਾਸੀ ਘਾਟਮਪੁਰ ਵਜੋਂ ਕੀਤੀ ਹੈ।

ਲੋਕ ਬਾਣੀ

ਮੌਕੇ ਤੇ ਪਹੁੰਚੀ ਪੁਲਸ ਨੂੰ ਦਿੱਤੀ ਜਾਣਕਾਰੀ ਅਨੁਸਾਰ ਦੋਵੇਂ ਚਾਚਾ-ਭਤੀਜੀ ਜਾਪਦੇ ਹਨ। ਦੱਸ ਦੇਈਏ ਕਿ ਦੋਵਾਂ ਦਾ ਰਿਹਾਇਸ਼ੀ ਇਲਾਕਾ ਘਾਟਮਪੁਰ ਥਾਣਾ ਸਜੇਤੀ ਤੋਂ ਅੱਠ ਕਿਲੋਮੀਟਰ ਦੂਰ ਹੈ, ਜਿੱਥੇ ਉਨ੍ਹਾਂ ਦੀਆਂ ਲਾਸ਼ਾਂ ਲਟਕਦੀਆਂ ਮਿਲੀਆਂ।

ਇਸ ਮਾਮਲੇ ਚ ਪਰਿਵਾਰਕ ਮੈਂਬਰਾਂ ਨੇ ਇਕ ਦੂਜੇ ਤੇ ਦੋਸ਼ ਲਗਾ ਕੇ ਪੋਸਟਮਾਰਟਮ ਹਾਊਸ ਚ ਹੰਗਾਮਾ ਕਰ ਦਿੱਤਾ।

ਪੁਲੀਸ ਨੇ ਦੋਵਾਂ ਪਰਿਵਾਰਾਂ ਨੂੰ ਸ਼ਾਂਤ ਕੀਤਾ।

ਪੁਲਸ ਨੂੰ ਜਾਣਕਾਰੀ ਦਿੰਦੇ ਹੋਏ ਥਾਣਾ ਘਾਤਮਪੁਰ ਦੇ ਜਵਾਹਰਨਗਰ-2 ਦੇ ਰਹਿਣ ਵਾਲੇ ਪੁਤਨ ਉਰਫ ਉੱਤਮ ਸੰਖਵਾਰ ਨੇ ਦੱਸਿਆ ਕਿ ਉਸ ਦੀ ਲੜਕੀ ਸੋਨੀ (21) ਦਾ ਵਿਆਹ 15 ਫਰਵਰੀ ਨੂੰ ਹੋਣਾ ਸੀ। ਉਹ 14 ਫਰਵਰੀ ਨੂੰ ਦੁਪਹਿਰ 12:30 ਵਜੇ ਬਿਊਟੀ ਪਾਰਲਰ ਜਾਣ ਲਈ ਨਿਕਲੀ ਸੀ। ਇਸ ਤੋਂ ਬਾਅਦ ਉਹ ਘਰ ਵਾਪਸ ਨਹੀਂ ਪਰਤੀ। ਸੋਨੀ ਦੇ ਲਾਪਤਾ ਹੋਣ ਦੀ ਸ਼ਿਕਾਇਤ ਘਟਮਪੁਰ ਥਾਣੇ ਵਿੱਚ ਦਰਜ ਕਰਵਾਈ ਗਈ ਸੀ। ਇਸ ਤੋਂ ਬਾਅਦ ਸਜੇਤੀ ਥਾਣਾ ਖੇਤਰ ਚ ਦੋਹਾਂ ਦੀਆਂ ਲਾਸ਼ਾਂ ਲਟਕਦੀਆਂ ਮਿਲੀਆਂ।

# ਵੀ.ਐਚ.ਐਸ.ਐਨ.ਸੀ.' ਦੀ ਮਹੀਨਾਵਾਰ ਮੀਟਿੰਗ ਕਰਨਾ ਲਾਜ਼ਮੀ,ਪਿੰਡਾਂ ਚ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਪਹੁੰਚਾਉਣਾ ਮਕਸਦ-ਸਿਵਲ ਸਰਜਨ ਡਾ.ਗੁਰਮੀਤ ਲਾਲ

ਫ਼ਗਵਾੜਾ 21 ਫਰਵਰੀ (ਸੁਸ਼ੀਲ ਸ਼ਰਮਾ) ਮਾਨਯੋਗ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ.ਬਲਬੀਰ ਸਿੰਘ ਜੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਿਵਲ ਸਰਜਨ ਡਾ.ਗੁਰਮੀਤ ਲਾਲ ਵੱਲੋਂ ਵਿਲੇਜ ਹੈਲਥ ਸੈਨੀਟੇਸ਼ਨ ਅਤੇ ਨਿਊਟ੍ਰੇਸ਼ਨ ਕਮੇਟੀਆਂ (ਵੀ.ਐਚ.ਐਸ.ਐਨ.ਸੀ.) ਦੀ ਮਹੀਨਾਵਾਰ ਮੀਟਿੰਗ ਲਾਜ਼ਮੀ ਤੌਰ ਤੇ ਕਰਨ ਲਈ ਜਿਲ੍ਹੇ ਦੇ ਵੱਖ-ਵੱਖ ਬਲਾਕਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਸਿਵਲ ਸਰਜਨ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਕਮੇਟੀ ਮੈਂਬਰਾਂ ਨੂੰ ਨਿਯਮਤ ਤੌਰ ਤੇ ਸਿਹਤ ਸਿੱਖਿਆ ਦਿੱਤੀ ਜਾਂਦੀ ਹੈ ਤਾਂ ਜੋ ਪਿੰਡਾਂ ਵਿੱਚ ਲੋਕਾਂ ਤੱਕ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਦੀ ਪਹੁੰਚ ਯਕੀਨੀ ਬਣਾਈ ਜਾ ਸਕੇ।

ਸਿਵਲ ਸਰਜਨ ਵੱਲੋ ਵੀ.ਐਚ.ਐਸ.ਐਨ.ਸੀ.ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਆਸ਼ਾ ਪਿੰਡ ਪੱਧਰ ਤੇ ਕਮੇਟੀ ਦੀ ਸਕੱਤਰ ਹੈ ਅਤੇ ਸਥਾਨਕ ਏਜੰਡੇ ਅਤੇ ਸਿਹਤ ਮੁੱਦਿਆਂ ਦੇ ਪ੍ਰਬੰਧਨ ਲਈ ਜ਼ਿੰਮੇਵਾਰ ਹੈ। ਏ.ਐਨ.ਐਮ. ਕਮੇਟੀ ਦੀ ਪ੍ਰਬੰਧਕੀ ਮੈਂਬਰ ਹੈ ਜੋ ਪਿੰਡ ਵਾਸੀਆਂ ਖਾਸ ਕਰਕੇ ਗਰਭਵਤੀ ਔਰਤਾਂ ਦਾ ਸਾਰਾ ਰਿਕਾਰਡ ਰੱਖਦੀ ਹੈ। ਉਨ੍ਹਾਂ ਕੋਲ ਸਿਹਤ ਵਿਭਾਗ ਦੁਆਰਾ ਦਿੱਤੀਆਂ ਜਾਂਦੀਆਂ ਸਾਰੀਆਂ ਸਿਹਤ ਸੇਵਾਵਾਂ ਦੇ ਪੂਰੇ ਤਕਨੀਕੀ ਅਤੇ ਪੇਸ਼ੇਵਰ ਵੇਰਵੇ ਹੁੰਦੇ ਹਨ। ਉਨ੍ਹਾਂ ਕਿਹਾ ਕਿ ਜਿਲ੍ਹੇ ਵਿੱਚ ਚਲ ਰਹੇ ਸਿਹਤ ਪ੍ਰੋਗਰਾਮਾਂ 100 ਦਿਨਾਂ ਦੀ ਟੀ,ਬੀ.ਮੁਹਿੰਮ ਅਤੇ ਸਪੈਸ਼ਲ ਇੰਟੇਨਸੀਫਾਈਡ ਐਨ.ਸੀ.ਡੀ. ਸਕ੍ਰੀਨਿੰਗ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਇਨ੍ਹਾਂ ਮੀਟਿੰਗਾ ਵਿੱਚ ਵਿਚਾਰ-ਵਟਾਂਦਰਾ ਕਰਦੇ ਹੋਏ ਲੋਕਾਂ ਨੂੰ ਇਨ੍ਹਾਂ ਸਿਹਤ ਪ੍ਰੋਗਰਾਮਾਂ ਤਹਿਤ ਦਿੱਤੀਆਂ ਜਾਣ ਵਾਲੀਂ ਸਿਹਤ ਸੇਵਾਵਾਂ ਦਾ ਲਾਭ ਲੈਣ ਲਈ ਪ੍ਰੇਰਿਤ ਕੀਤਾ ਜਾਵੇ ਤਾਂ ਜੋ ਵੱਧ ਤੋਂ ਵੱਧ ਲੋਕਾਂ ਸਿਹਤ ਸਹੂਲਤਾਂ ਦਾ ਲਾਭ ਲੈ ਸਕਣ।



ਸਿਵਲ ਸਰਜਨ ਡਾ.ਗੁਰਮੀਤ ਲਾਲ ਨੇ ਕਿਹਾ ਕਿ ਸਿਹਤਮੰਦ ਜੀਵਨ ਸ਼ੈਲੀ, ਜਾਣਕਾਰੀ, ਸਿੱਖਿਆ ਅਤੇ ਗੰਭੀਰ ਮਾਮਲਿਆਂ ਅਤੇ ਮਾਦਾ ਭਰੂਣ ਹੱਤਿਆ, ਮਹਿਲਾ ਸਸ਼ਕਤੀਕਰਨ, ਸੰਸਥਾਗਤ ਜਣੇਪੇ, ਬੱਚਿਆਂ ਦਾ ਟੀਕਾਕਰਨ, ਆਲਾ-ਦੁਆਲਾ ਸਾਫ਼ ਰੱਖਣਾ,ਕੈਂਸਰ,ਸ਼ੂਗਰ,ਲੈਪ ਰੋਸਕੋਪੀ,ਐੱਚ.ਆਈ.ਵੀ, ਆਇਓਡੀਨ ਦੀ ਘਾਟ,ਹਾਈਪਰਟੈਨਸ਼ਨ,ਮੋਟਾਪਾ ਆਦਿ ਬਿਮਾਰੀਆਂ ਬਾਰੇ ਵੀ ਲੋਕਾਂ ਨਾਲ ਚਰਚਾ ਕਰਦੇ ਹੋਏ ਜਾਗਰੂਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਿਹਤ ਸੇਵਾਵਾਂ ਨੂੰ ਜਨ-ਜਨ ਤੱਕ ਪਹੁੰਚਾਉਣ ਲਈ ਨਿਰੰਤਰ ਕੀਤੇ ਜਾ ਰਹੇ ਉਪਰਾਲੇ ਕਾਰਗਰ ਸਾਬਤ ਹੋਣ ਇਸ ਲਈ ਲੋਕਾਂ ਨੂੰ ਇਸ ਸੰਬੰਧੀ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ।

# ਟ੍ਰੈਵਲ ਏਜੰਟਾਂ ਵਿਰੁੱਧ ਸ਼ਿਕਾਇਤ ਦਰਜ ਕਰਵਾਉਣ ਲਈ ਹੈਲਪਲਾਇਨ ਨੰਬਰ ਜਾਰੀ



ਫ਼ਗਵਾੜਾ (ਸੁਸ਼ੀਲ ਸ਼ਰਮਾ) ਅਣਅਧਿਕਾਰਤ ਟ੍ਰੈਵਲ ਏਜੰਟਾਂ ਰਾਹੀਂ ਲੋਕਾਂ ਨਾਲ ਕਿਸੇ ਵੀ ਕਿਸਮ ਦੀ ਧੋਖਾਧੜੀ ਨੂੰ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਹੈਲਪਲਾਇਨ ਨੰਬਰ ਜਾਰੀ ਕੀਤਾ ਗਿਆ ਹੈ ।

ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਨੇ ਦੱਸਿਆ ਕਿ ਜੇਕਰ ਕਿਸੇ ਵਿਅਕਤੀ ਨੂੰ ਕਿਸੇ ਟ੍ਰੈਵਲ ਏਜੰਟ ਵਿਰੁੱਧ ਕੋਈ ਸ਼ਿਕਾਇਤ ਹੈ ਤਾਂ ਉਹ ਸਿੱਧਾ ਹੈਲਪਲਾਇਨ ਨੰਬਰ 01822-233777 ਉੱਪਰ ਸੰਪਰਕ ਕਰ ਸਕਦਾ ਹੈ ।

ਉਨ੍ਹਾਂ ਇਹ ਵੀ ਦੱਸਿਆ ਕਿ ਸਹਾਇਕ ਕਮਿਸ਼ਨਰ (ਜਨਰਲ ) ਕਪੂਰਥਲਾ ਨੂੰ ਨੋਡਲ ਅਫਸਰ ਨਿਯੁਕਤ ਕੀਤਾ ਗਿਆ ਹੈ । ਇਸ ਤੋਂ ਇਲਾਵਾ ਲੋਕ ਆਪਣੀ ਸ਼ਿਕਾਇਤ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਕਪੂਰਥਲਾ ਵਿਖੇ ਸਥਿਤ ਮੁੱਖ ਮੰਤਰੀ ਸਹਾਇਤਾ ਕੇਂਦਰ ਕਪੂਰਥਲਾ ਵਿਖੇ ਵੀ ਦਰਜ ਕਰਵਾ ਸਕਦੇ ਹਨ ।

ਡਿਪਟੀ ਕਮਿਸ਼ਨਰ ਨੇ ਇਹ ਵੀ ਦੱਸਿਆ ਕਿ ਪੰਜਾਬ ਟ੍ਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ ਤਹਿਤ ਕਪੂਰਥਲਾ ਜ਼ਿਲ੍ਹੇ ਵਿੱਚ 384 ਟ੍ਰੈਵਲ ਏਜੰਟ ਰਜਿਸਟਰਡ ਹਨ । ਇਨ੍ਹਾਂ ਦੀ ਸੂਚੀ ਵੀ Kapurthala.nic.in ਉੱਪਰ ਉਪਲਬਧ ਹੈ ਜਿੱਥੋਂ ਲੋਕ ਟ੍ਰੈਵਲ ਏਜੰਟਾਂ ਦੀ ਰਜਿਸਟ੍ਰੇਸ਼ਨ ਚੈੱਕ ਕਰ ਸਕਦੇ ਹਨ ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕੇਵਲ ਰਜਿਸਟਰਡ ਤੇ ਅਧਿਕਾਰਤ ਟ੍ਰੈਵਲ ਏਜੰਟਾਂ ਦੀਆਂ ਸੇਵਾਵਾਂ ਹੀ ਲੈਣ ਤੇ ਜੇਕਰ ਕਿਸੇ ਨੂੰ ਟ੍ਰੈਵਲ ਏਜੰਟਾਂ ਵਿਰੁੱਧ ਕੋਈ ਸ਼ਿਕਾਇਤ ਹੈ ਤਾਂ ਉਹ ਹੈਲਪਲਾਇਨ ਨੰਬਰ ਉੱਪਰ ਸੰਪਰਕ ਕਰਨ ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਅੰਮ੍ਰਿਤਸਰ ਇੰਪਰੂਵਮੈਂਟ ਟਰੱਸਟ ਵੱਲੋਂ ਲਗਾਈਆਂ ਫੈਂਸੀ ਅਤੇ ਸੋਲਰ ਲਾਈਟਾਂ ਵਿੱਚ ਘਪਲੇ ਦੀ ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਜਾਂਚ ਸ਼ੁਰੂ -ਸੁਰੇਸ਼ ਕੁਮਾਰ ਸ਼ਰਮਾ

ਫ਼ਗਵਾੜਾ 21 ਫਰਵਰੀ (ਸੁਸ਼ੀਲ ਸ਼ਰਮਾ) ਆਰ.ਟੀ.ਆਈ.ਐਕਟੀਵਿਸਟ ਸੁਰੇਸ਼ ਕੁਮਾਰ ਸ਼ਰਮਾ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਉਨਾਂ ਵੱਲੋਂ ਅਕਤੂਬਰ 2024 ਨੂੰ ਅੰਮ੍ਰਿਤਸਰ ਇੰਪਰੂਵਮੇਂਟ ਟਰੱਸਟ ਦੇ ਅਧਿਕਾਰੀਆਂ ਦੀ ਠੇਕੇਦਾਰਾਂ ਨਾਲ ਮਿਲੀਭੁਗਤ ਕਾਰਨ ਸਾਲ 2021-22 ਵਿੱਚ ਲਗਾਈਆਂ ਫੈਂਸੀ ਅਤੇ ਸੋਲਰ ਲਾਈਟਾਂ ਵਿੱਚ ਵੱਡਾ ਖੁਲਾਸਾ ਕੀਤਾ ਸੀ ਅਤੇ ਲਿਖਤੀ ਰੂਪ ਵਿੱਚ ਮੁੱਖ ਮੰਤਰੀ ਪੰਜਾਬ ਲੋਕਲ ਬਾਡੀ ਮੰਤਰੀ ਪ੍ਰਿੰਸੀਪਲ ਸੈਕਟਰੀ ਅਤੇ ਪੰਜਾਬ ਵਿਜੀਲੈਂਸ ਬਿਊਰੋ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ। ਉਹਨਾਂ ਦੱਸਿਆ ਕਿ ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਪੱਤਰ ਨੰਬਰ 127 ਮਿਤੀ ਫਰਵਰੀ 2025 ਨੂੰ ਮੈਨੂੰ ਦਫਤਰ ਬੁਲਾਇਆ ਗਿਆ ਅਤੇ ਅਧਿਕਾਰੀ ਦੇ ਸਾਹਮਣੇ ਬਿਆਨ ਦਰਜ ਕਰਵਾ ਦਿੱਤੇ ਗਏ ਹਨ। ਸੁਰੇਸ਼ ਕੁਮਾਰ ਸ਼ਰਮਾ ਨੇ ਇੱਕ ਵਾਰ ਫਿਰ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸਾਲ 20212 ਵਿੱਚ ਪਿੰਡ ਮੂਧੱਲ ਵਿਖੇ ਸੋਲਰ ਲਾਈਟਾਂ ਲਗਾਉਣ ਲਈ ਭਾਰਤ ਇਲੈਕਟ੍ਰਿਕਲ ਨੂੰ 1.20 ਕਰੋੜ ਦਾ ਕੰਮ 1.75 ਲੈਸ ਦੇ ਨਾਲ ਅਲਾਟ ਕੀਤਾ ਗਿਆ ਸੀ। ਪਰ ਮੁਧੱਲ ਪਿੰਡ ਵਿੱਚ ਸਿਰਫ 216 ਸੋਲ ਲਾਈਟਾਂ ਲਗਾ ਕੇ ਠੇਕੇਦਾਰ ਕੰਪਨੀ ਨੂੰ 286 ਸੋਲਰ ਲਾਈਟਾਂ ਦੀ ਪੇਮੈਂਟ 42,179 ਰੁਪਏ ਦੇ ਹਿਸਾਬ ਨਾਲ ਕੀਤੀ ਗਈ ਹੈ। ਜਦਕਿ ਮੌਕੇ ਤੇ ਸਿਰਫ 20 ਹਜਰ ਰੁਪਏ ਤੱਕ ਵਾਲੀ ਲਾਈਟ ਹੀ ਲਗਾਈ ਗਈ ਹੈ।

ਸ਼ਰਮਾ ਨੇ ਦੱਸਿਆ ਕਿ ਸਾਲ 2021-22 ਵਿੱਚ ਨਿਊ ਅੰਮ੍ਰਿਤਸਰ ਤੇ ਰਣਜੀਤ ਐਵੀਨਿਊ ਵਿੱਚ ਫੈਂਸੀ ਲਾਈਟਾਂ ਲਗਾਉਣ ਲਈ ਫ਼ਕੀਰ ਚੰਦ ਸ਼ਰਮਾ ਇਲੈਕਟਰੀਕਲ ਕੰਪਨੀ ਨੂੰ 4.27 ਕਰੋੜ ਰੁਪਏ ਵਿੱਚ 1.75 ਪ੍ਰਤੀਸ਼ਤ ਲੈਸ ਤੇ ਟੈਂਡਰ ਅਲਾਟ ਕੀਤਾ ਗਿਆ ਸੀ। ਅਧਿਕਾਰੀਆਂ ਵੱਲੋਂ ਨਿਊ ਅੰਮ੍ਰਿਤਸਰ ਵਿੱਚ 103 ਲਾਈਟਾਂ ਲਗਾ ਕੇ 109 ਅਤੇ ਰਣਜੀਤ ਐਵੀਨਿਊ ਵਿੱਚ 113 ਲਾਈਟਾਂ ਲੱਗਾ ਕੇ 119 ਲਾਈਟਾਂ ਦੀ ਪੇਮੇਂਟ ਕੀਤੀ ਗਈ ਹੈ। ਕੁੱਲ ਖ਼ਰਚਾ ਮਿਲਾ ਕੇ 176580 ਰੁਪਏ ਦੇ ਹਿਸਾਬ ਨਾਲ ਪੇਮੇਂਟ ਕੀਤੀ ਗਈ ਹੈ। ਜਦਕਿ ਮੌਕੇ ਤੇ ਲਗਾਈ ਗਈ ਲਾਈਟ ਦੀ ਕੁੱਲ ਕੀਮਤ 1 ਲੱਖ ਰੁਪਏ ਤੋਂ ਵੱਧ ਨਹੀਂ ਹੈ।

ਸੁਰੇਸ਼ ਕੁਮਾਰ ਸ਼ਰਮਾ ਨੇ ਦੱਸਿਆ ਕਿ ਸਾਲ 2021-22 ਵਿੱਚ ਵਾਰਡ ਨੰ:23 ਅਤੇ 26 ਵਿੱਚ ਫੈਂਸੀ ਸੋਲਰ ਲਾਈਟਾਂ ਲਗਾਉਣ ਲਈ ਜਸਜੀਤ ਸਿੰਘ ਮੱਕੜਨੂੰ 49.00 ਲੱਖ ਰੁਪਏ ਦਾ ਕੰਮ 26.13 ਪ੍ਰਤੀਸ਼ਤ ਲੈਸ ਤੇ ਅਲਾਟ ਹੋਇਆ ਸੀ। ਅਧਿਕਾਰੀਆਂ ਵੱਲੋਂ ਗੁਰਦੁਆਰਾ ਵੱਲਾ ਸਾਹਿਬ ਵਿੱਚ 03 ਬਲੈਕ ਐਂਡ ਵਾਈਟ ਛੱਤਰੀ ਸੋਲਰ ਲਾਈਟਾਂ ਦੇ ਬਿੱਲ ਪਾਸ ਕੀਤੇ ਗਏ ਹਨ ਜਦਕਿ ਮੌਕੇ ਤੇ ਇਹ ਲਾਈਟਾਂ ਲਗਾਈਆਂ ਹੀ ਨਹੀਂ ਗਈਆਂ ਹਨ।

ਸੁਰੇਸ਼ ਕੁਮਾਰ ਸ਼ਰਮਾ ਨੇ ਦੱਸਿਆ ਕਿ ਸਾਲ 2021-22 ਵਿੱਚ ਕਬੀਰ ਪਾਰਕ ਵਿੱਚ ਸਟ੍ਰੀਟ ਲਾਈਟਾਂ ਦੀ ਸਾਲਾਨਾ ਮੇਨਟੇਨੈਂਸ ਲਈ ਜਸਜੀਤ ਸਿੰਘ ਮੱਕੜ ਨੂੰ 10.00 ਲੱਖ ਦਾ ਕੰਮ 2.26 ਪ੍ਰਤੀਸ਼ਤ ਲੈਸ ਤੇ ਅਲਾਟ ਹੋਇਆ ਸੀ। ਵਿਭਾਗ ਵੱਲੋਂ ਪੂਰੇ ਕਬੀਰ ਪਾਰਕ ਵਿੱਚ 90 ਵਾਟ ਦੇ 2360 ਬੱਲਬ, 60 ਵਾਟ ਦੇ 1320 ਬੱਲਬ ਅਤੇ



48 ਹਾਈ ਮਾਸਟ ਲਾਈਟਾਂ ਦੇ ਬਿੱਲ ਪਾਸ ਕੀਤੇ ਗਏ ਹਨ। ਜਦਕਿ ਸਥਾਨਕ ਲੋਕਾਂ ਵੱਲੋਂ ਧਿਆਨ ਵਿੱਚ ਲਿਆਂਦਾ ਗਿਆ ਹੈ ਅਤੇ ਭਰੋਸੇਯੋਗ ਸੂਤਰਾਂ ਤੋਂ ਵੀ ਪਤਾ ਲੱਗਾ ਹੈ ਕਿ ਇਸ ਕੰਮ ਦੇ ਫਰਜ਼ੀ ਬਿੱਲ ਬਣਾ ਕੇ ਦਸ ਪੁਆਇੰਟ 75 ਲੱਖ ਰੁਪਏ ਦੀ ਅਦਾਇਗੀ ਕਰ ਦਿੱਤੀ ਗਈ ਹੈ। ਸੁਰੇਸ਼ ਕੁਮਾਰ ਸ਼ਰਮਾ ਨੇ ਮੁੱਖ ਮੰਤਰੀ ਪੰਜਾਬ ਵਿਜੀਲੈਂਸ ਬਿਊਰੋ ਦਾ ਧੰਨਵਾਦ ਕਰਦਿਆਂ ਬੇਨਤੀ ਕੀਤੀ ਕਿ ਕਿ ਇਸ ਕੰਮ ਦੀ ਗਹਿਰਾਈ ਤੋਂ ਜਾਂਚ ਕੀਤੀ ਜਾਵੇ ਤਾਂ ਕਿ ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ ਹੋ ਸਕੇ।

# 8 ਮਾਰਚ ਨੂੰ ਲੱਗਣ ਵਾਲੀ ਲੋਕ ਅਦਾਲਤ 'ਚ ਵੱਧ ਤੋਂ ਵੱਧ ਕੇਸਾਂ ਦਾ ਨਿਪਟਾਰਾ ਕਰਨ ਦੇ ਨਿਰਦੇਸ਼



ਫਗਵਾੜਾ 21 ਫਰਵਰੀ (ਸੁਸ਼ੀਲ ਸ਼ਰਮਾ) ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀਮਤੀ ਰਾਜਵੰਤ ਕੌਰ ਵਲੋਂ ਉਪ ਮੰਡਲ ਫਗਵਾੜਾ ਦੌਰਾ ਕਰਕੇ ਕਾਨੂੰਨੀ ਸੇਵਾਵਾਂ ਕਮੇਟੀ ਦੇ ਚੇਅਰਪਰਸਨ ਸ੍ਰੀਮਤੀ ਸੁਰੇਖਾ ਡੱਡਵਾਲ ਐਡੀ.ਸਿਵਲ ਜੱਜ (ਸੀ.ਡੀ.) ਫਗਵਾੜਾ ਨਾਲ ਮੁਲਾਕਾਤ ਕੀਤੀ ਗਈ। ਮੀਟਿੰਗ ਦੌਰਾਨ ਉਨ੍ਹਾਂ ਵਲੋਂ 8 ਮਾਰਚ 2025 ਨੂੰ ਲੱਗਣ ਵਾਲੀ ਨੈਸ਼ਨਲ ਲੋਕ ਅਦਾਲਤ ਵਿੱਚ ਵੱਧ ਤੋਂ ਵੱਧ ਕੇਸਾਂ ਦੇ ਨਿਪਟਾਰੇ ਬਾਰੇ ਵੀ ਗੱਲਬਾਤ ਕੀਤੀ ਗਈ।

ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀਮਤੀ ਰਾਜਵੰਤ ਕੌਰ ਵਲੋਂ ਪੈਨਲ ਦੇ ਵਕੀਲਾਂ ਨਾਲ ਮੀਟਿੰਗ ਕਰ,ਉਨ੍ਹਾਂ ਨੂੰ ਕਾਨੂੰਨੀ ਸਹਾਇਤਾ ਦੇ ਕੇਸਾਂ ਵਿੱਚ ਪੈਨਲ ਦੇ ਵਕੀਲਾਂ ਵਲੋਂ ਤਾਰੀਖ ਪੇਸ਼ੀ ਤੇ ਅਦਾਲਤ ਵਿੱਚ ਅਪਣੀ ਹਾਜ਼ਰੀ ਯਕੀਨੀ ਬਨਾਉਣ ਨੂੰ ਕਿਹਾ ਗਿਆ। ਉਨ੍ਹਾਂ ਕਿਹਾ ਕਿ ਤਾਰੀਖ ਪੇਸ਼ੀ ਸਬੰਧੀ ਪ੍ਰਾਰਥੀਆਂ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਨੈਸ਼ਨਲ ਲੋਕ ਅਦਾਲਤ ਸਬੰਧੀ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ।

ਉਨ੍ਹਾਂ ਸਮੂਹ ਵਕੀਲਾਂ ਨੂੰ ਹਦਾਇਤ ਕੀਤੀ ਕਿ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ,ਐਸ. ਏ.ਐਸ. ਲਗਰ,ਮੋਹਾਲੀ ਤੋਂ ਹਰ ਮਹੀਨੇ ਭੇਜੇ ਜਾਂਦੇ ਐਕਸ਼ਨ ਪੈਲਨ ਮੁਤਾਬਕ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਕਪੂਰਥਲਾ ਵਲੋਂ ਸੈਮੀਨਾਰ ਕਰਵਾਉਣ ਲਈ ਬਣਾਏ ਗਏ ਸ਼ਡਿਊਲ ਅਨੁਸਾਰ ਨਿਰਧਾਰਤ ਪ੍ਰੋਗਰਾਮ ਕਰਵਾ ਸੈਮੀਨਾਰ ਦੀ ਕਾਰਵਾਈ ਰਿਪੋਰਟ ਸਮੇਤ ਫੋਟੋਗ੍ਰਾਫ ਜ਼ਿਲ੍ਹਾ ਅਥਾਰਟੀ ਨੂੰ ਭੇਜੀ ਜਾਣੀ ਯਕੀਨੀ ਬਣਾਈ ਜਾਵੇ ਅਤੇ ਸੈਮੀਨਾਰਾਂ ਦੌਰਾਨ ਮੁਫ਼ਤ ਕਾਨੂੰਨੀ ਸਹਾਇਤਾ ਸਕੀਮਾਂ,ਲੋਕ ਅਦਾਲਤਾਂ, ਨੈਸ਼ਨਲ ਲੋਕ ਅਦਾਲਤ,ਮੀਡੀਏਸ਼ਨ ਐਂਡ ਕੰਸੀਲੇਸ਼ਨ ਸੈਂਟਰ,ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ) ਅਤੇ ਨਾਲਸਾ ਵਲੋਂ ਚਲਾਈਆਂ ਗਈਆਂ ਵੱਖ ਵੱਖ ਸਕੀਮਾਂ ਬਾਰੇ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ।

# ਜੀ.ਆਰ.ਡੀ. ਕਾਲਜ ਫਗਵਾੜਾ ਵਿਖੇ ਉਤਸ਼ਾਹ ਨਾਲ ਮਨਾਇਆ ਮਾਂ ਬੋਲੀ ਦਿਵਸ



ਫਗਵਾੜਾ 21 ਫਰਵਰੀ ( ਸੁਸ਼ੀਲ ਸ਼ਰਮਾ ) ਜੀ.ਆਰ.ਡੀ. ਕੋਐਜੁਕੇਸ਼ਨਲ ਕਾਲਜ ਫਗਵਾੜਾ ਵਿਖੇ ਮਾਤ੍ਰ ਭਾਸ਼ਾ ਦਿਵਸ ਡਾਇਰੈਕਟਰ ਐਜੂਕੇਸ਼ਨ ਡਾ. ਨੀਲਮ ਸੇਠੀ ਦੀ ਅਗਵਾਈ ਹੇਠ ਬੜੇ ਉਤਸ਼ਾਹ ਦੇ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਮੈਡਮ ਸੰਦੀਪ ਨੇ ਮਾਂ ਬੋਲੀ ਪੰਜਾਬੀ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਕੀਤੀ। ਉਹਨਾਂ ਕਿਹਾ ਕਿ ਪੰਜਾਬ ਤੋਂ ਬਾਹਰ ਜਦੋਂ ਕਿਸੇ ਸੂਬੇ ਜਾਂ ਦੇਸ਼ ਵਿਚ ਪੰਜਾਬੀ ਭਾਸ਼ਾ ਸੁਣਨ ਨੂੰ ਮਿਲਦੀ ਹੈ ਤਾਂ ਦਿਲ ਨੂੰ ਬਹੁਤ ਸਕੂਨ ਮਿਲਦਾ ਹੈ। ਗੁਰੂਆਂ, ਪੀਰਾਂ ਦੀ ਪਵਿੱਤਰ ਧਰਤੀ 'ਤੇ ਪਲੀ-ਵਧੀ ਪੰਜਾਬੀ ਭਾਸ਼ਾ ਪੰਜਾਬੀਆਂ ਦਾ ਮਾਣ ਹੈ। ਉਹਨਾਂ ਦੱਸਿਆ ਕਿ ਮਾਂ ਬੋਲੀ ਦੀ ਮਹੱਤਤਾ ਨੂੰ ਵਧਾਉਣ ਲਈ ਯੂਨੈਸਕੋ ਨੇ 17 ਨਵੰਬਰ 1999 ਨੂੰ ਇਹ ਦਿਨ ਮਨਾਉਣ ਦੀ ਪਹਿਲ ਕਦਮੀ ਕੀਤੀ ਸੀ। ਜਿਸ ਦੀ ਬਦੌਲਤ ਦੁਨੀਆ ਦੇ ਕਰੀਬ 110 ਦੇਸ਼ਾਂ 11 ਕਰੋੜ ਲੋਕ ਪੰਜਾਬੀ ਬੋਲਦੇ ਹਨ। ਸਮਾਗਮ ਦੌਰਾਨ ਬੀ.ਐਸ.ਸੀ. ਸੈਕੇਂਡ ਸਮੈਸਟਰ ਦੀ ਵਿਦਿਆਰਥਣ ਲਵਪ੍ਰੀਤ ਕੌਰ ਨੇ ਕਵਿਤਾ 'ਪੰਜ ਆਬਾਂ ਦੀ ਬੋਲੀ' ਰਾਹੀਂ ਮਾਤ੍ਰ ਭਾਸ਼ਾ ਪ੍ਰਤੀ ਸਤਿਕਾਰ ਦਾ ਪ੍ਰਗਟਾਵਾ ਕੀਤਾ। ਬੀ.ਏ. ਸੈਕੇਂਡ ਸਮੈਸਟਰ ਦੇ ਵਿਦਿਆਰਥੀ ਗੌਰਵ ਕੌਲ ਨੇ ਉੱਘੇ ਕਵੀ ਸੁਰਜੀਤ ਪਾਤਰ ਦੀ ਕਵਿਤਾ 'ਸ਼ਬਦ ਕਦੇ ਮਰਦੇ ਨਹੀਂ' ਪੇਸ਼ ਕੀਤੀ। ਮੈਡਮ ਰੁਪਿੰਦਰਜੀਤ ਕੌਰ ਨੇ ਵੀ ਸੱਭਿਆਚਾਰਕ ਭਾਸ਼ਾ ਦੀ ਸੰਭਾਲ ਬਾਰੇ ਜਾਗਰੁਕ ਕੀਤਾ। ਉਹਨਾਂ ਵਿਦਿਆਰਥੀਆਂ ਨੂੰ ਮਾਂ ਬੋਲੀ ਦੇ ਨਾਮ ਦਾ ਇੱਕ ਰੁੱਖ ਜਰੂਰ ਲਗਾਉਣ ਦਾ ਸੱਦਾ ਦਿੱਤਾ। ਡਾ. ਨੀਲਮ ਸੇਠੀ ਨੇ ਆਪਣੀ ਪ੍ਰਕਾਸ਼ਤ ਪੰਜਾਬੀ ਕਹਾਣੀ 'ਨੌਕਰਾਨੀ' ਪੇਸ਼ ਕੀਤੀ। ਵਿਦਿਆਰਥੀਆਂ ਦੇ ਮਾਂ ਬੋਲੀ ਸਬੰਧੀ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਗਏ। ਅਖੀਰ ਵਿਚ ਕਾਲਜ ਪ੍ਰਿੰਸੀਪਲ ਗੁਰਜੀਤ ਕੌਰ ਨੇ ਸਮੂਹ ਹਾਜਰੀਨ ਸਟਾਫ ਅਤੇ ਵਿਦਿਆਰਥੀਆਂ ਨੂੰ ਮਾਤ੍ਰ ਭਾਸ਼ਾ ਦਿਵਸ ਦੀ ਵਧਾਈ ਦਿੱਤੀ ਅਤੇ ਮਾਂ ਬੋਲੀ ਦੇ ਪ੍ਰਸਾਰ ਲਈ ਉਪਰਾਲੇ ਕਰਨ ਹਿੱਤ ਪ੍ਰੇਰਿਆ।

# ਨਗਰ ਨਿਗਮ ਕਮਿਸ਼ਨਰ ਨੇ ਸਹੀ ਇਨਕਮ ਟੈਕਸ ਕੈਲਕੂਲੇਟ ਨਾ ਕਰਨ ਵਾਲੇ ਕਲਰਕਾਂ ਤੇ ਕੱਸਿਆ ਸਿਕੰਜਾ



ਫ਼ਗਵਾੜਾ 21 ਫਰਵਰੀ (ਸੁਸ਼ੀਲ ਸ਼ਰਮਾ) ਨਗਰ ਨਿਗਮ ਅੰਮ੍ਰਿਤਸਰ ਵਿੱਚ ਕੰਮ ਕਰਦੇ ਕਰਮਚਾਰੀਆਂ ਦੀਆਂ ਤਨਖਾਹਾਂ ਵਿੱਚੋਂ ਕੱਟੇ ਜਾਣ ਵਾਲੇ ਇਨਕਮ ਟੈਕਸ ਦੀਆਂ ਗਲਤ ਰਿਪੋਰਟਾਂ ਦਾ ਮਾਮਲਾ ਸਾਹਮਣੇ ਆਉਣ ਉਪਰੰਤ ਨਗਰ ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਸਖਤੀ ਨਾਲ ਐਕਸ਼ਨ ਲਿਆ ਗਿਆ।

ਪੱਤਰ ਸੰਖਿਆ 993 ਜਾਰੀ ਕਰਦੇ ਹੋਏ ਨਗਰ ਨਿਗਮ ਕਮਿਸ਼ਨਰ ਨੇ ਤਨਖਾਹਾਂ ਬਣਾਉਣ ਵਾਲੇ ਅਮਲਾ ਕਲਰਕਾਂ ਦੀ ਅਣਗਹਿਲੀ ਨੂੰ ਦੇਖਦੇ ਹੋਏ ਸਬੰਧਿਤ ਵਿਭਾਗਾਂ ਦੇ ਉੱਚ ਅਧਿਕਾਰੀਆਂ ਨੂੰ ਆਦੇਸ਼ ਜਾਰੀ ਕਰਦੇ ਹੋਏ ਕਿਹਾ ਕਿ ਕਿ ਇਨਕਮ ਟੈਕਸ ਨੂੰ ਸਹੀ ਤਰੀਕੇ ਨਾਲ ਕੈਲਕੂਲੇਟ ਨਾ ਕਰਨ ਵਾਲੇ ਅਤੇ ਸਮੇਂ ਸਿਰ ਇਨਕਮ ਟੈਕਸ ਵਿਭਾਗ ਨੂੰ ਬਣਦਾ ਟੈਕਸ ਜਮਾ ਨਾ ਕਰਾਉਣ ਵਾਲਿਆਂ ਦੇ ਖਿਲਾਫ ਅਨੁਸ਼ਾਸਨੀ ਕਾਰਵਾਈ ਕਰਨ ਵਿੱਚ ਕੋਈ ਗੁਰੇਜ ਨਾ ਕੀਤਾ ਜਾਵੇ। ਗੁਲਪ੍ਰੀਤ ਸਿੰਘ ਔਲਖ ਨੇ ਕਿਹਾ ਕਿ ਪਿਛਲੇ ਦਿਨੀ ਧਿਆਨ ਵਿੱਚ ਆਇਆ ਹੈ ਕਿ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਦਾ ਉਹਨਾਂ ਦੀਆਂ ਤਨਖਾਹਾਂ ਵਿੱਚੋਂ ਕੱਟਿਆ ਜਾਣ ਵਾਲਾ ਇਨਕਮ ਟੈਕਸ ਸਹੀ ਤਰੀਕੇ ਨਾਲ ਕੈਲਕੂਲੇਟ ਕਰਕੇ ਨਹੀਂ ਕੱਟਿਆ ਜਾਂਦਾ ਹੈ। ਇਸ ਨਾਲ ਕਰਮਚਾਰੀਆਂ ਨੂੰ ਸੰਬੰਧਤ ਵਿਤੀ ਸਾਲ ਦੀ ਰਿਟਰਨ ਭਰਨ ਸਮੇਂ ਕਾਫੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਜਿਸ ਨੂੰ ਦੇਖਦੇ ਹੋਏ ਗੰਭੀਰਤਾ ਦੇ ਨਾਲ ਨੋਟਿਸ ਲੈਂਦੇ ਹੋਏ ਸਾਰੇ ਵਿਭਾਗਾਂ ਦੇ ਮੁਖੀਆਂ ਅਤੇ ਉਪ ਮੁਖੀਆਂ ਨੂੰ ਲਿਖਿਤ ਪੱਤਰ ਦੇ ਜਰੀਏ ਕਿਹਾ ਗਿਆ ਕਿ ਆਪਣੇ ਆਪਣੇ ਵਿਭਾਗਾਂ ਦੇ ਅਧੀਨ ਕੰਮ ਕਰ ਰਹੇ ਸਬੰਧਤ ਅਮਲਾ ਕਲਰਕਾਂ ਨੂੰ ਸਖਤ ਹਦਾਇਤਾਂ ਜਾਰੀ ਕੀਤੀਆਂ ਜਾਣ ਕਿ ਕਰਮਚਾਰੀਆਂ ਦਾ ਬਣਦਾ ਇਨਕਮ ਟੈਕਸ ਸਹੀ ਤਰੀਕੇ ਨਾਲ ਕੈਲਕੂਲੇਟ ਕਰਨ ਉਪਰੰਤ ਹੀ ਸਮੇਂ ਸਿਰ ਇਨਕਮ ਟੈਕਸ ਵਿਭਾਗ ਨੂੰ ਜਮਾ ਕਰਾਉਣ ਨੂੰ ਯਕੀਨੀ ਬਣਾਇਆ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਕਲਰਕਾਂ ਦੇ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇ।

# ਪੰਜਾਬ ਵਿੱਚ ਫਾਇਰਮੈਨ ਦੇ ਲਈ ਹੁਣ ਲੜਕੀਆਂ ਵੀ ਹੋਣਗੀਆਂ ਭਰਤੀ-ਡਾ.ਰਣਜੀਤ ਸਿੰਘ

ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਵਿੱਚ ਫਾਇਰਮੈਨ ਦੀ ਭਰਤੀ ਲਈ ਲੜਕੀਆਂ ਵੀ ਹੁਣ ਭਰਤੀ ਹੋ ਸਕਦੀ ਹਨ। ਜਿਵੇਂ ਪਹਿਲਾਂ ਆਰਮੀ, ਪੁਲਿਸ ਦੀ ਵੀ ਭਰਤੀ ਹੁੰਦੀ ਸੀ,ਕਿਉਂਕਿ ਇਹ ਸਾਰੇ ਵਿਭਾਗ ਗ੍ਰਹਿ ਮੰਤਰਿਆਲੇ ਦੁਵਾਰਾ ਹੀ ਭਰਤੀ ਕੀਤੀ ਜਾਂਦੀ ਹੈ। ਇਸ ਦੀ ਜਾਣਕਾਰੀ ਡਾ.ਰਣਜੀਤ ਸਿੰਘ ਡਾਇਰੈਕਟਰ ਮਾਤਾ ਚਰਨ ਕੌਰ ਫਾਇਰ ਕਾਲਜ ਨੇ ਦਿੱਤੀ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੈਬਿਨਟ ਦੇ ਵਿੱਚ ਮਨਜ਼ੂਰੀ ਦਿੱਤੀ ਗਈ ਹੈ। ਪੰਜਾਬ ਸਰਕਾਰ ਨੇ ਇਹ ਕਦਮ ਇਸ ਕਰਕੇ ਚੁੱਕਿਆ ਹੈ ਕਿ ਮਹਿਲਾਵਾਂ ਅਤੇ ਪੁਰਸ਼ ਨਾਲ ਮਿਲ ਕੇ ਕੰਮ ਕਰ ਸਕਣਗੀਆਂ ਵਿੱਚ ਸਰੀਰਕ ਮਨਦੰਡਾ ਵਿੱਚ ਢਿਲ ਦੇ ਕੇ ਸਰਕਾਰ ਵੱਲੋਂ ਕੈਬਨਟ ਵਿੱਚ ਬਿੱਲ ਪਾਸ ਕਰ ਦਿੱਤਾ। ਪੰਜਾਬ ਦੇ ਫਾਇਰ ਵਿਭਾਗ ਦੇ ਵਿੱਚ ਮਹਿਲਾਵਾਂ ਦਾ ਭਾਰ ਚੁੱਕਣਾ ਦੀ ਸ਼ਰਤ 20 ਕਿਲੋ ਗ੍ਰਾਮ ਦੀ ਮਹੱਤਵਪੂਰਨ ਕਮੀ ਕਰ ਦਿੱਤੀ ਹੈ। ਜਿਸ ਕਰਕੇ ਹੁਣ ਪੰਜਾਬ ਦੀ ਲੜਕੀਆਂ ਨੂੰ ਵੀ ਫਾਇਰ ਵਿਭਾਗ ਵਿੱਚ ਨੌਕਰੀ ਕਰ ਸਕਣਗੀਆਂ। ਜਿਸ ਨਾਲ ਸੈਂਕੜੇ ਮਹਿਲਾਵਾਂ ਲਈ ਸੂਬੇ ਵਿੱਚ ਫਾਇਰ ਬ੍ਰਿਗੇਡ ਵਿਭਾਗ ਵਿੱਚ ਸ਼ਾਮਲ ਹੋਣ ਦਾ ਰਸਤਾ ਸਾਫ ਹੋ ਗਿਆ ਹੈ। ਇਹ ਭਾਰਤ ਦੀ ਦੂਸਰੀ ਸਟੇਟ ਹੋਵੇਗੀ ਜਿਸ ਦੇ ਵਿੱਚ ਫਾਇਰ ਫਾਈਟਰ ਲੜਕੀਆਂ ਦੀ ਭਰਤੀ ਕੀਤੀ ਜਾਵੇਗੀ। ਇਹ ਮਾਮਲਾ ਵਿਧਾਨ ਸਭਾ ਦੇ ਵਿੱਚ ਬੜਾ ਚਰਚਾ ਬਣਿਆ ਰਿਹਾ। ਜਿਸ ਵਿੱਚ ਅਧਿਕਾਰੀਆਂ ਨੂੰ ਭਰਤੀ ਕਰਨ ਸਮੇਂ 20 ਕਿਲੋਗ੍ਰਾਮ ਦੀ ਕਟੌਤੀ ਕਰਨੀ ਪਵੇਗੀ।



ਇਸ ਬਿਲ ਨੂੰ ਹੀ ਹਰੀ ਝੰਡੀ ਦਿੱਤੀ ਗਈ। ਹੁਣ ਸੂਬੇ ਵਿੱਚ ਜਲਦੀ ਹੀ ਫਾਇਰ ਫਾਈਟਰ ਦੀਆਂ ਨੌਕਰੀਆਂ ਬਹੁਤ ਨਿਕਲਣਗੀਆਂ ਹੁਣ ਸਾਡੇ ਕਾਲਜ ਵੱਲੋਂ ਵੀ ਲੜਕਿਆਂ ਦੀ ਲਈ ਫਾਇਰਮੈਨ ਦਾ ਦਾਖਲਾ ਸ਼ੁਰੂ ਕਰ ਦਿੱਤਾ ਹੈ। ਇਸ ਕੋਰਸ ਵਿੱਚ ਵੱਧ ਤੋਂ ਵੱਧ ਲੜਕੀਆਂ ਨੂੰ ਕੋਰਸ ਕਰਨਾ ਚਾਹੀਦਾ ਹੈ। ਸਾਡੇ ਕਾਲਜ ਵੱਲੋਂ ਲੜਕੀਆਂ ਨੂੰ ਫਾਇਰਮੈਨ ਦੇ ਕੋਰਸ ਲਈ ਜਾਗਰੂਕ ਕਰ ਰਹੇ ਹਾਂ ਅਤੇ ਪ੍ਰਾਈਵੇਟ ਸੈਕਟਰ ਦੇ ਵਿੱਚ 2400 ਫਾਇਰਮੈਨਾਂ ਦੀ ਜ਼ਰੂਰਤ ਹੈ। ਜਿਨਾਂ ਦੀ ਤਨਖਾਹ 20 ਤੋਂ ਲੈ ਕੇ 50 ਹਜਾਰ ਰੁਪਏ ਪ੍ਰਤੀ ਮਹੀਨਾ ਮਿਲ ਸਕਦੀ ਹੈ। ਜਿਨਾਂ ਵਿਦਿਆਰਥੀਆਂ ਨੇ ਕੋਰਸ ਪਾਸ ਕਰ ਲਿਆ ਹੈ। ਉਹ ਜਲਦੀ ਅਪਲਾਈ ਕਰਨ ਨੌਕਰੀਆਂ ਮੈਡੀਕਲ ਕਾਲਜਾਂ ਅਤੇ ਕਾਰਪੋਰੇਸ਼ਨਾਂ ਵਿੱਚ ਨਿਕਲੀਆਂ ਹਨ ਅਤੇ ਸੈਨਟਰੀ ਇੰਸਪੈਕਟਰ ਦਾ ਵੀ ਦਾਖਲਾ ਸ਼ੁਰੂ ਹੈ ਅਤੇ ਫੀਜੋਥਰੈਪਿਸਟ ਤੇ ਲੈਬੋਟਰੀ ਟੈਕਨੀਸ਼ਨ ਅਤੇ ਓਪਰੇਸ਼ਨ ਥੀਏਟਰ ਅਤੇ ਐਕਸਰੇ ਟਿਕਨੀਸ਼ਨ ਟੈਕਨੀਸ਼ਨ ਦੀਆਂ ਵੀ ਬਹੁਤ ਡਾਇਗਨੋਸਸ ਸੈਂਟਰ , ਲੈਬੋਟਰੀਆਂ ਤੇ ਹਸਪਤਾਲਾਂ ਦੇ ਵਿੱਚ ਨੌਕਰੀਆਂ ਹਨ। ਜਿੰਨਾ ਵਿਦਿਆਰਥੀਆਂ ਨੇ ਕੋਰਸ ਪਾਸ ਕੀਤਾ ਹੈ ਉਹ ਜਲਦੀ ਅਪਲਾਈ ਕਰਨ ਹੁਣ ਵਿਦੇਸ਼ਾਂ ਵਿੱਚ ਜਾਣ ਦੀ ਵੀ ਜ਼ਰੂਰਤ ਨਹੀਂ ਹੈ।

# ਪਿੰਡ ਵਜੀਦੋਵਾਲ ਵਿਖੇ ਕਿਸਾਨਾਂ ਨੂੰ ਆਮਦਨ ਵਧਾਉਣ ਲਈ ਫਸਲੀ ਚੱਕਰ ਤੋਂ ਬਾਹਰ ਨਿਕਲਣ ਲਈ ਕੀਤਾ ਪ੍ਰੇਰਿਤ



ਫਗਵਾੜਾ ( ਸੁਸ਼ੀਲ ਸ਼ਰਮਾ ) ਆਈ.ਟੀ.ਸੀ. ਮਿਸ਼ਨ ਸੁਨਹਿਰਾ ਕੱਲ ਤਹਿਤ ਮਾਨਵ ਵਿਕਾਸ ਸੰਸਥਾ ਵਲੋਂ ਪਿੰਡ ਵਜੀਦੋਵਾਲ ਤਹਿਸੀਲ ਫਗਵਾੜਾ ਵਿਖੇ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਇਸ ਦੌਰਾਨ ਵਿਸ਼ੇਸ਼ ਤੌਰ ਤੇ ਪਹੁੰਚੇ ਮਾਨਵ ਵਿਕਾਸ ਸੰਸਥਾ ਦੇ ਅਹੁਦੇਦਾਰਾਂ ਕੋਮਲ ਰਾਣਾ, ਸੁਮਿਤ ਅਤੇ ਗੁਰਪ੍ਰੀਤ ਨੇ ਹਾਜਰੀਨ ਕਿਸਾਨਾਂ ਨੂੰ ਘੱਟ ਰਹੇ ਧਰਤੀ ਹੇਠਲੇ ਪਾਣੀ ਦੇ ਪੱਧਰ ਅਤੇ ਮਿੱਟੀ ਦੀ ਘੱਟ ਰਹੀ ਉਪਜਾਊ ਸ਼ਕਤੀ ਦੇ ਕਾਰਨਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਹਨਾਂ ਨੇ ਕਿਸਾਨਾਂ ਨਾਲ ਕਣਕ ਦੀ ਫਸਲ ਬਾਰੇ ਚਰਚਾ ਕਰਦੇ ਹੋਏ ਕਣਕ ਦੀਆਂ ਬਿਮਾਰੀਆਂ, ਫਸਲ ਨੂੰ ਲੱਗਣ ਵਾਲੇ ਕੀੜਿਆਂ ਦੀ ਰੋਕਥਾਮ ਬਾਰੇ ਜਾਣਕਾਰੀ ਦਿੱਤੀ। ਮਾਨਵ ਵਿਕਾਸ ਸੰਸਥਾ ਵਲੋਂ ਜਲਵਾਯੂ ਸਮਾਰਟ ਖੇਤੀ, ਫਸਲਾਂ ਦੀ ਬਿਜਾਈ ਤੋਂ ਇਲਾਵਾ ਖੇਤਾਂ ਦੇ ਕਿਨਾਰੇ ਤੇ ਖੂਹਾਂ ਆਦਿ ਦੀ ਖਾਲੀ ਜਗ੍ਹਾ ਤੇ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਅਪੀਲ ਕੀਤੀ ਅਤੇ ਦੱਸਿਆ ਕਿ ਇਹ ਰੁੱਖ ਉਹਨਾਂ ਦੀ ਆਮਦਾਨ ਦਾ ਜਰੀਆ ਬਣ ਸਕਦੇ ਹਨ। ਕਿਸਾਨਾਂ ਨੂੰ ਫਸਲੀ ਚੱਕਰ ਵਿਚੋਂ ਬਾਹਰ ਨਿਕਲਣ ਅਤੇ ਬਾਗ ਲਗਾਉਣ ਬਾਰੇ ਵੀ ਪ੍ਰੇਰਿਆ ਗਿਆ। ਸਰਪੰਚ ਰਿੰਪਲ ਕੁਮਾਰ ਵਜੀਦੋਵਾਲ ਨੇ ਵੀ ਕਿਸਾਨਾਂ ਨੂੰ ਆਪਣੀ ਆਮਦਨ ਵਧਾਉਣ ਲਈ ਫਸਲੀ ਚੱਕਰ ਵਿਚੋਂ ਬਾਹਰ ਨਿਕਲਣ ਦੀ ਅਪੀਲ ਕੀਤੀ ਅਤੇ ਸੰਸਥਾ ਦੇ ਅਹੁਦੇਦਾਰਾਂ ਨੂੰ ਭਰੋਸਾ ਦਿੱਤਾ ਕਿ ਪੰਚਾਇਤ ਪੱਧਰ ਤੇ ਕਿਸਾਨਾਂ ਨੂੰ ਜਾਗਰੁਕ ਕਰਨ ਅਤੇ ਵੱਧ ਤੋਂ ਵੱਧ ਬੂਟੇ ਲਗਾਉਣ ਲਈ ਪ੍ਰੇਰਿਤ ਕੀਤਾ ਜਾਵੇਗਾ। ਇਸ ਮੌਕੇ ਰਿਟਾ. ਇੰਸਪੈਕਟਰ ਰਮਨ ਕੁਮਾਰ ਸ਼ਰਮਾ, ਨੰਬਰਦਾਰ ਸਤੀਸ਼ ਕੁਮਾਰ, ਸੋਮਨਾਥ, ਰਾਕੇਸ਼ ਕੁਮਾਰ ਕੇਸ਼ਾ, ਅਸ਼ੋਕ ਕੁਮਾਰ, ਰਵੀ ਦੱਤ, ਬਲਰਾਮ ਕੁਮਾਰ, ਬਲਿਹਾਰ ਲਾਲ, ਚਮਨ ਲਾਲ, ਗੌਰਵ ਸ਼ਰਮਾ ਸਾਬਕਾ ਪੰਚਾਇਤ ਮੈਂਬਰ ਤੋਂ ਇਲਾਵਾ ਪਿੰਡ ਦੇ ਪਤਵੰਤੇ ਹਾਜਰ ਸਨ।

# ਬਿਜਲੀ ਕਾਮਿਆਂ ਦੀਆਂ ਗਲਤ ਪੋਸਟਿੰਗਾਂ ਖਿਲਾ.ਫ ਜਥੇਬੰਦੀਆਂ ਨੇ ਮੁੱਖ ਇੰਜੀ : ਖਿਲਾ.ਫ ਰੋਸ ਧਰਨਾ ਦਿੱਤਾ

ਲੁਧਿਆਣਾ 21 ਫਰਵਰੀ ( ਸੁਖਚੈਨ ਮਹਿਰਾ) ਪੀਐਸਪੀਸੀਐਲ ਦੇ ਸਥਾਨਕ ਪੀ ਅਤੇ ਐਮ ( ਗਰਿੱਡਾਂ) ਦੇ ਮੁੱਖ ਇੰਜੀਨੀਅਰ ਦੇ ਦਫਤਰ ਸਾਹਮਣੇ ਸਾਂਝਾ ਫੋਰਮ ,ਏਕਤਾ ਮੰਚ ਅਤੇ ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰ ਦੇ ਸੱਦੇ ਤੇ ਰੋਸ ਧਰਨਾ ਲਗਾ ਕੇ ਮੁੱਖ ਇੰਜੀਨੀਅਰ ਵੱਲੋਂ ਕਰਮਚਾਰੀਆਂ ਨਾਲ ਕੀਤੀਆਂ ਜਾ ਰਹੀਆਂ ਵਧੀਕੀਆਂ ਖਿਲਾਫ਼ ਜੋਰਦਾਰ ਨਾਅਰੇਬਾਜ਼ੀ ਕੀਤੀ । ਇਸ ਰੋਸ ਧਰਨੇ ਦੀ ਪ੍ਰਧਾਨਗੀ ਸਾਂਝੇ ਤੌਰ ਤੇ ਰਤਨ ਸਿੰਘ ਮਜਾਰੀ , ਗੁਰਪ੍ਰੀਤ ਸਿੰਘ ਗੰਡੀਵਿੰਡ ਅਤੇ ਰਣਜੀਤ ਸਿੰਘ ਢਿੱਲੋਂ ਨੇ ਕੀਤੀ । ਇਸ ਮੌਕੇ ਤੇ ਸੰਬੋਧਨ ਕਰਦਿਆਂ ਮੁਲਾਜ਼ਮ ਆਗੂਆਂ ਹਰਪਾਲ ਸਿੰਘ , ਗੁਰਵੇਲ ਸਿੰਘ ਬੱਲਪੁਰੀਆ, ਸਰਿੰਦਰਪਾਲ ਲਹੌਰੀਆਂ , ਸਰਬਜੀਤ ਸਿੰਘ ਭਾਣਾ, ਕੁਲਵਿੰਦਰ ਸਿੰਘ ਢਿੱਲੋਂ, ਕੌਰ ਸਿੰਘ ਸੋਹੀ , ਸੁਖਵਿੰਦਰ ਸਿੰਘ ਦੁੰਮਣਾ, ਜਸਵਿੰਦਰ ਸਿੰਘ , ਪੂਰਨ ਸਿੰਘ ਖਾਈ , ਰਛਪਾਲ ਸਿੰਘ ਪਾਲੀ , ਗੁਰਧਿਆਨ ਸਿੰਘ , ਲਖਵਿੰਦਰ ਸਿੰਘ , ਜਗਤਾਰ ਸਿੰਘ ਆਦਿ ਨੇ ਮੁੱਖ ਇੰਜੀਨੀਅਰ ਤੇ ਕਰਮਚਾਰੀਆਂ ਦੀਆਂ ਬਦਲੀਆਂ ਕਰਨ ਲਈ ਰਿਸ਼ਵਤਖ਼ੋਰੀ ਦੇ ਗੰਭੀਰ ਦੋਸ਼ ਲਗਾਏ । ਇਸ ਮੌਕੇ ਭਰਾਤਰੀ ਜਥੇਬੰਦੀ ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਦੇ ਸੂਬਾ ਵਰਕਿੰਗ ਪ੍ਰਧਾਨ ਚਮਕੌਰ ਸਿੰਘ ਸੂਬਾ ਮੀਤ ਪ੍ਰਧਾਨ ਕੇਵਲ ਸਿੰਘ ਬਨਵੈਤ, ਸੂਬਾ ਸਕੱਤਰ ਐਸ ਪੀ ਸਿੰਘ ,ਸੂਬਾ ਆਗੂ ਰਾਜਿੰਦਰ ਸਿੰਘ ਨੇ ਰੋਸ ਧਰਨੇ ਦੀ ਡਟਵੀਂ ਹਮਾਇਤ ਕਰਦੇ ਹੋਏ ਅਗਲੇ ਸੰਘਰਸ਼ ਵਿੱਚ ਵੱਧ ਚੜ ਕੇ ਹਿੱਸਾ ਲੈਣ ਦਾ ਲੀਡਰਸ਼ਿਪ



ਨੂੰ ਵਿਸ਼ਵਾਸ ਦਿਵਾਇਆ । ਆਗੂਆਂ ਨੇ ਕਿਹਾ ਕਿ ਪਿਛਲੇ ਇਕ ਮਹੀਨੇ ਤੋਂ ਮੁੱਖ ਇੰਜੀਨੀਅਰ ਜਾਣਬੁੱਝ ਕੇ ਤਰੱਕੀ ਪਾਉਣ ਵਾਲੇ ਸਹਾਇਕ ਲਾਈਨਮੈਨ ਕਰਮਚਾਰੀਆਂ ਨੂੰ ਵੱਖ ਵੱਖ ਤਰ੍ਹਾਂ ਦੇ ਬਹਾਨੇ ਬਣਾ ਕੇ ਪ੍ਰੇਸ਼ਾਨ ਕਰ ਰਿਹਾ ਹੈ। ਕਿਉਂਕਿ ਮੁੱਖ ਇੰਜੀਨੀਅਰ ਨੇ ਤਰੱਕੀ ਪਾਉਣ ਵਾਲੇ ਕਰਮਚਾਰੀਆਂ ਦੇ ਇਕ ਮਹੀਨੇ ਤੱਕ ਅਗਲੇ ਤੈਨਾਤੀ ਆਰਡਰ ਨਹੀਂ ਕੀਤੇ ਗਏ ਅਤੇ ਹੁਣ ਤਰੱਕੀ ਪਾਉਣ ਵਾਲੇ ਪਹਿਲਾਂ ਤੋਂ ਰੈਗੂਲਰ ਪੋਸਟਾਂ ਤੇ ਕੰਮ ਕਰ ਰਹੇ ਕਾਮਿਆਂ ਨੂੰ ਮੈਡੀਕਲ ਕਰਵਾਉਣ ਦੇ ਬੇਤੁਕੇ ਆਦੇਸ਼ ਜਾਰੀ ਕਰਕੇ ਕਰਮਚਾਰੀਆਂ ਨੂੰ ਖਜਲ ਖਰਾਬ ਕਰਨ ਲਈ ਧੱਕੇਸ਼ਾਹੀ ਕਰਕੇ ਗਲਤ ਪੋਸਟਿੰਗਾਂ ਕਰ ਦਿੱਤੀਆਂ ਹਨ ਜੋ ਕਦਾਚਿਤ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਆਗੂਆਂ ਨੇ ਮੁੱਖ ਇੰਜੀਨੀਅਰ ਤੇ ਕਾਮਿਆਂ ਦੀਆਂ ਬਦਲੀਆਂ ਕਰਨ ਬਦਲੇ ਰਿਸ਼ਵਤਖੋਰੀ ਦੇ ਗੰਭੀਰ ਦੋਸ਼ ਵੀ ਲਗਾਏ । ਆਗੂਆਂ ਨੇ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਮੁੱਖ ਇੰਜੀਨੀਅਰ ਪੀ ਐਮ ਲੁਧਿਆਣਾ ਵੱਲੋਂ ਮੁਲਾਜ਼ਮਾਂ ਨਾਲ ਕੀਤੀਆਂ ਜਾ ਰਹੀਆਂ ਵਧੀਕੀਆਂ ਤੇ ਰੋਕ ਲਗਾ ਕੇ ਕਰਮਚਾਰੀਆਂ ਨੂੰ ਇਨਸਾਫ਼ ਦਿੱਤਾ ਜਾਵੇ ਨਹੀਂ ਤਾਂ 4 ਮਾਰਚ ਨੂੰ ਮੁੱਖ ਇੰਜੀਨੀਅਰ ਖਿਲਾਫ਼ ਜਬਰਦਸਤ ਰੋਸ ਧਰਨਾ ਲਗਾਉਣ ਤੋਂ ਇਲਾਵਾ ਹੈਂਕੜ ਅਧਿਕਾਰੀ ਦਾ ਫੀਲਡ ਦੇ ਦੌਰਿਆਂ ਦੌਰਾਨ ਕਾਲੇ ਝੰਡਿਆਂ ਨਾਲ ਵਿਖਾਵੇ ਕੀਤੇ ਜਾਣਗੇ । ਇਸ ਰੋਸ ਧਰਨੇ ਨੂੰ ਮੁਲਾਜ਼ਮ ਆਗੂ ਹਰਵਿੰਦਰ ਸਿੰਘ ਲਾਲੂ , ਚਰਨਜੀਤ ਸਿੰਘ ਜਗਰਾਉਂ , ਪ੍ਰਭੂਜੋਤ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

# ਪ੍ਰੋਜੈਕਟ ਅਮ੍ਰਿਤ ਦੇ ਦੁਆਰਾ ਸਾ.ਫ ਪਾਣੀ, ਸਾ.ਫ ਮੰਨ ਦੇ ਅੰਤਰਗਤ ਨਹਿਰਾਂ ਦੀ ਸਫਾਈ ਮੁਹਿੰਮ ਦਾ ਆਗਾਜ਼ 23 ਫਰਵਰੀ ਨੂੰ



ਫਗਵਾੜਾ, :- (ਸੁਸ਼ੀਲ ਸ਼ਰਮਾ)ਨਿਰੰਕਾਰੀ ਮਿਸ਼ਨ ਬ੍ਰਾਂਚ ਫਗਵਾੜਾ ਦੇ ਸੰਯੋਜਕ ਸ਼੍ਰੀ ਮਲਕੀਤ ਚੰਦ ਜੀ ਨੇ ਦੱਸਿਆ ਕੀ ਸੰਤ ਨਿਰੰਕਾਰੀ ਮਿਸ਼ਨ ਦੀ ਸੇਵਾ ਭਾਵਨਾ ਅਤੇ ਮਾਨਵ ਕਲਿਆਣ ਦੇ ਉਦੇਸ਼ ਨੂੰ ਸੱਚ ਕਰਨ ਲਈ ਪ੍ਰੋਜੈਕਟ ਅੰਮ੍ਰਿਤ ਦੇ ਦੁਆਰਾ ਸਾਫ ਪਾਣੀ, ਸਾਫ ਮਨ ਦੇ ਅੰਤਰਗਤ ਤੀਜੇ ਚਰਨ ਦਾ ਸ਼ੁੱਭ ਉਦਘਾਟਨ ਐਤਵਾਰ 23, ਫਰਵਰੀ 2025 ਨੂੰ ਪਰਮ ਸਤਿਕਾਰ ਯੋਗ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਅਤੇ ਨਿਰੰਕਾਰੀ ਰਾਜ ਪਿਤਾ ਸ਼੍ਰੀ ਰਮੀਤ ਜੀ ਦੇ ਪਾਵਨ ਕਰਕਮਲਾ ਨਾਲ ਯਮੁਨਾ ਨਦੀ ਦੇ ਘਾਟ ਦਿੱਲੀ ਵਿਖ਼ੇ ਕੀਤਾ ਜਾਵੇਗਾ,
ਇਸ ਦਾ ਮੁੱਖ ਉਦੇਸ਼ ਪਾਣੀ ਨੂੰ ਸਾਫ ਅਤੇ ਸੰਭਾਲ ਲਈ ਜਾਗ੍ਰਿਤ ਕਰਨਾ ਹੈ,ਇਸ ਮੁਹਿੰਮ ਦੇ ਤਹਿਤ ਐਤਵਾਰ ਮਿਤੀ 23-02-2025 ਨੂੰ ਚਾਚੋਕੀ ਫਗਵਾੜਾ ਵਿਖ਼ੇ ਬਿਸਤ ਦੋਆਬ ਨਹਿਰ ਦੀ ਸਫਾਈ ਨਿਰੰਕਾਰੀ ਮਿਸ਼ਨ ਦੇ ਸੇਵਾਦਾਰਾਂ ਵੱਲੋ ਕੀਤੀ ਜਾਵੇਗੀ ਸੰਤ ਨਿਰੰਕਾਰੀ ਮੰਡਲ ਦੇ ਸੇਕ੍ਰੇਟਰੀ ਸ਼੍ਰੀ ਜੋਗਿੰਦਰ ਸੁਖੀਜਾ ਜੀ ਨੇ ਜਾਣਕਾਰੀ ਦੇਂਦੇ ਹੋਏ ਦੱਸਿਆ ਕੀ ਇਸ ਮੁਹਿੰਮ ਦੇ ਤਹਿਤ ਦੇਸ ਭਰ ਵਿਚ 27 ਰਾਜਾਂ ਅਤੇ ਕੇਂਦਰ ਸ਼ਾਸ਼ਿਤ ਰਾਜਾਂ ਦੇ ਤਕਰੀਬਨ 900 ਤੋਂ ਵੱਧ ਸ਼ਹਿਰਾਂ ਵਿਚ 1600 ਥਾਵਾਂ ਤੇ ਇਕੋ ਸਮੇ ਇਸ ਦਾ ਆਯੋਜਨ ਕੀਤਾ ਜਾ ਰਿਹਾ ਹੈ ਇਸ ਨਾਲ ਪਾਣੀ ਦੀ ਸਫਾਈ ਅਤੇ ਸੰਬਾਲ ਦਾ ਸੰਦੇਸ਼ ਜਿਆਦਾ ਵਧੀਆ ਢੰਗ ਨਾਲ ਲੋਕਾਂ ਤਕ ਪਹੁੰਚ ਸਕੇਗਾ

# ਪਿੰਡ ਭੁੱਲਾਰਾਈ ਵਿਖੇ ਮੀਟਿੰਗ ਦੌਰਾਨ ਕੀਤੀਆਂ ਸ਼੍ਰੋਮਣੀ ਕਮੇਟੀ ਚੋਣਾਂ ਸਬੰਧੀ ਵਿਚਾਰਾਂ

ਫਗਵਾੜਾ ( ਸੁਸ਼ੀਲ ਸ਼ਰਮਾ ) ਬਲਾਕ ਫਗਵਾੜਾ ਅਧੀਨ ਆਉਂਦੇ ਪਿੰਡਾਂ ਅਤੇ ਸ਼ਹਿਰ ਦੇ ਵੱਖ-ਵੱਖ ਵਾਰਡਾਂ ਦੇ ਸਿੱਖ ਆਗੂਆ ਦੀ ਵਿਸ਼ੇਸ਼ ਮੀਟਿੰਗ ਪਿੰਡ ਭੁੱਲਾਰਾਈ ਵਿਖੇ ਹੋਈ। ਜਿਸ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਚੋਣਾਂ ਦੀਆਂ ਤਿਆਰੀਆ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਉਪਰੰਤ ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਇਕ ਸਾਲ ਤੋਂ ਵੱਧ ਸਮਾਂ ਲਗਾ ਕੇ ਸਰਕਾਰੀ ਅਮਲੇ ਵਲੋਂ ਬਣਾਈਆਂ ਵੋਟਰ ਲਿਸਟਾਂ ਵਿੱਚ ਹਾਲੇ ਵੀ ਬਹੁਤ ਸਾਰੀਆਂ ਕਮੀਆਂ ਹਨ। ਉਹਨਾਂ ਦੱਸਿਆ ਕਿ ਜਾਰੀ ਕੀਤੀ ਲਿਸਟ ਵਿੱਚ ਜਿੱਥੇ ਕਾਫੀ ਫਰਜ਼ੀ ਵੋਟਾਂ ਸ਼ਾਮਲ ਹਨ, ਉੱਥੇ ਹੀ ਬਹੁਤ ਸਾਰੀਆਂ ਡਬਲ ਵੋਟਾਂ ਵੀ ਹਨ। ਇਸ ਜਿਸ ਸਬੰਧੀ 25 ਫਰਵਰੀ ਦਿਨ ਮੰਗਲਵਾਰ ਨੂੰ ਸਵੇਰੇ 11 ਵਜੇ ਐਸ.ਡੀ.ਐਮ ਫਗਵਾੜਾ ਨਾਲ ਮੁਲਾਕਾਤ ਕਰਕੇ ਇਤਰਾਜ ਦਰਜ ਕਰਵਾਏ ਜਾਣਗੇ। ਆਗੂਆਂ ਵਲੋਂ ਫਗਵਾੜਾ ਦੇ ਉਨ੍ਹਾਂ ਸਿੱਖ ਪਰਿਵਾਰਾਂ ਨੂੰ ਵੀ ਸਮਾਂ ਰਹਿੰਦੇ ਆਪਣੀ ਐਸ.ਜੀ.ਪੀ.ਸੀ. ਵੋਟ ਬਨਾਉਣ ਲਈ ਅਪੀਲ



ਕੀਤੀ ਗਈ, ਜਿਹਨਾਂ ਨੇ ਹਾਲੇ ਤੱਕ ਵੋਟਰ ਫਾਰਮ ਨਹੀਂ ਭਰੇ ਹਨ। ਉਹਨਾਂ ਦੱਸਿਆ ਕਿ 10 ਮਾਰਚ ਤੱਕ ਸਾਰੇ ਆਗੂ ਵਲੰਟੀਅਰ ਬਣ ਕੇ ਸਿੱਖ ਪਰਿਵਾਰਾਂ ਦੀਆਂ ਵੋਟਾਂ ਬਨਵਾਉਣ ਵਿਚ ਸਹਿਯੋਗ ਕਰਨਗੇ। ਇਸ ਮੌਕੇ ਹਰਭਜਨ ਸਿੰਘ ਬਾਜਵਾ ਮਲਕਪੁਰ, ਹਰਬੰਸ ਸਿੰਘ ਬਨਵੈਤ, ਮਨਜੀਤ ਸਿੰਘ ਹੈਪੀ, ਸੁਖਦੇਵ ਸਿੰਘ ਫਗਵਾੜਾ, ਸਤਿੰਦਰਜੀਤ ਸਿੰਘ ਲੱਕੀ, ਸੰਦੀਪ ਸਿੰਘ, ਸਵਰਨ ਸਿੰਘ ਮਹੇੜੂ, ਮਾਸਟਰ ਅਜੀਤ ਸਿੰਘ ਖਾਲਸਾ, ਮੰਗਤ ਪਾਲ ਸਿੰਘ ਖਲਿਆਣ, ਗੁਲਜ਼ਾਰ ਸਿੰਘ ਅਕਾਲਗੜ੍ਹ, ਜਸਵੀਰ ਸਿੰਘ, ਜੋਗਾ ਸਿੰਘ ਠੱਕਰਕੀ, ਮਨਜੀਤ ਸਿੰਘ ਖਾਟੀ, ਮੁਖਤਿਆਰ ਸਿੰਘ ਨਸੀਰਾਬਾਦ, ਦਵਿੰਦਰ ਸਿੰਘ ਸਾਬਕਾ ਸਰਪੰਚ ਖਲਿਆਣ, ਕੁਲਦੀਪ ਸਿੰਘ ਜਗਜੀਤਪੁਰ, ਸਤਵਿੰਦਰ ਸਿੰਘ ਬਾਜਵਾ, ਕੁਲਵਿੰਦਰ ਸਿੰਘ ਖਲਿਆਣ, ਇੰਦਰਜੀਤ ਸਿੰਘ, ਅਵਤਾਰ ਸਿੰਘ ਨਸੀਰਾਬਾਦ, ਨਿਰਮਲ ਸਿੰਘ ਨਸੀਰਾਬਾਦ, ਹਰਵਿੰਦਰ ਸਿੰਘ ਨਸੀਰਾਬਾਦ, ਰੀਤ ਪ੍ਰੀਤ ਪਾਲ ਸਿੰਘ ਆਦਿ ਹਾਜ਼ਰ ਸਨ।

# ਪੰਜਾਬੀ ਮਾਂ ਬੋਲੀ ਜਾਗਰੂਕਤਾ ਮਾਰਚ ਫਗਵਾੜਾ ਵਿਖੇ 21 ਫਰਵਰੀ ਨੂੰ



ਫਗਵਾੜਾ (ਸੁਸ਼ੀਲ ਸ਼ਰਮਾ) ਪੰਜਾਬੀ ਕਲਾ ਅਤੇ ਸਾਹਿਤ ਕੇਂਦਰ, ਸੰਗੀਤ ਦਰਪਨ, ਪੰਜਾਬੀ ਵਿਰਸਾ ਟਰੱਸਟ ਅਤੇ ਸਹਾਰਾ ਵੈਲਫੇਅਰ ਕਲੱਬ ਵਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੰਜਾਬੀ ਮਾਂ ਬੋਲੀ ਜਾਗਰੂਕਤਾ ਮਾਰਚ 21 ਫਰਵਰੀ, 2025 ਨੂੰ ਫਗਵਾੜਾ ਵਿਖੇ ਆਯੋਜਿਤ ਕੀਤਾ ਜਾਵੇਗਾ। ਇਹ ਮਾਰਚ 21 ਫਰਵਰੀ ਨੂੰ ਸਵੇਰੇ 9: 00 ਵਜੇ ਬਲੱਡ ਬੈਂਕ,ਗੁਰੂ ਹਰਿਗੋਬਿੰਦ ਨਗਰ ਫਗਵਾੜਾ ਤੋਂ ਸ਼ੁਰੂ ਹੋਏਗਾ। ਜਿਸ ਵਿੱਚ ਸਾਹਿਤ ਸਭਾਵਾਂ,ਗੈਰ ਸਰਕਾਰੀ ਸੰਸਥਾਵਾਂ ਦੇ ਨੁਮਾਇੰਦੇ,ਪੰਜਾਬੀ ਪ੍ਰੇਮੀ, ਵਿਦਿਆਰਥੀ ਅਤੇ ਅਧਿਆਪਕ ਹਿੱਸਾ ਲੈਣਗੇ। ਜੋਗਿੰਦਰ ਸਿੰਘ ਮਾਨ ਸਾਬਕਾ ਮੰਤਰੀ ਪੰਜਾਬ, ਰਾਮਪਾਲ ਉਪਲ ਮੇਅਰ ਨਗਰ ਨਿਗਮ ਫਗਵਾੜਾ, ਰੁਪਿੰਦਰ ਕੌਰ ਐਸ.ਪੀ ਫਗਵਾੜਾ ਜਸ਼ਨਜੀਤ ਸਿੰਘ ਐਸ.ਡੀ.ਐਮ,ਪ੍ਰਸਿੱਧ ਲੇਖਕ ਡਾਕਟਰ ਲਖਵਿੰਦਰ ਸਿੰਘ ਜੌਹਲ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਾਮਲ ਹੋਣਗੇ ਅਤੇ ਮਾਰਚ ਨੂੰ ਹਰੀ ਝੰਡੀ ਦੇਣਗੇ।

# ਨਵੀਆਂ ਵਿਕਸਿਤ ਹੋ ਰਹੀਆਂ ਅਣ ਅਧਿਕਾਰਿਤ ਕਲੋਨੀਆਂ ਉੱਪਰ ਚੱਲਿਆ ਪੀਲਾ ਪੰਜਾ

ਅੰਮ੍ਰਿਤਸਰ 21 ਫਰਵਰੀ (ਅਰਵਿੰਦਰ ਵੜੈਚ)- ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏਡੀਏ ਦੇ ਮੁੱਖ ਪ੍ਰਸ਼ਾਸਕ ਅੰਕੁਰਜੀਤ ਸਿੰਘ,ਆਈ.ਏ.ਐਸ ਅਤੇ ਵਧੀਕ ਮੁੱਖ ਪ੍ਰਸ਼ਾਸਕ ਮੇਜਰ ਅਮਿਤ ਸਰੀਨ, ਪੀ.ਸੀ.ਐਸ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਏਡੀਏ ਦੇ ਰੈਗੂਲੇਟਰੀ ਵਿੰਗ ਵੱਲੋਂ ਡਿਊਟੀ ਮੈਜਿਸਟ੍ਰੇਟ ਸ਼੍ਰੀ ਜਗਬੀਰ ਸਿੰਘ, ਉੱਪ-ਮੰਡਲ ਇੰਜੀਨੀਅਰ (ਜਸ),ਏਡੀਏ, ਅੰਮ੍ਰਿਤਸਰ ਅਤੇ ਥਾਣਾ ਘਰਿੰਡਾ ਦੇ ਪੁਲਿਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਛੇਹਰਟਾ ਸਾਹਿਬ ਤੋਂ ਗੁਰੂਦੁਆਰਾ ਸੰਨ ਸਾਹਿਬ ਰੋਡ ਤੇ ਪਿੰਡ ਬਾਸਰਕੇ ਗਿੱਲਾਂ ਉੱਪਰ ਬਣ ਰਹੀਆਂ ਅਣ-ਅਧਿਕਾਰਤ ਕਲੋਨੀਆਂ ਵਿਰੁੱਧ ਕਾਰਵਾਈ ਕਰਦੇ ਹੋਏ ਕਲੋਨੀਆਂ ਨੂੰ ਢਾਹ ਦਿੱਤਾ ਗਿਆ। ਰੈਗੂਲੇਟਰੀ ਵਿੰਗ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਿੰਡ ਬਾਸਰਕੇ ਗਿੱਲਾਂ ਵਿਖੇ ਵਿਕਸਿਤ ਕੀਤੀ ਜਾ ਰਹੀਆਂ ਨਵੀਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ, ਕਿਉਂਜੋ ਉਕਤ ਅਣ-ਅਧਿਕਾਰਤ ਕਲੋਨੀਆਂ ਦੇ ਮਾਲਕਾਂ ਵੱਲੋਂ ਸਰਕਾਰ ਦੀਆਂ ਹਦਾਇਤਾਂ ਦੀ ਪ੍ਰਵਾਹ ਨਾ ਕਰਦੇ ਹੋਏ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਸਨ। ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ-1995 ਦੀ ਸੋਧ 20 24 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਵੀ ਕੀਤਾ ਜਾ ਸਕਦਾ ਹੈ। ਵਿਭਾਗ ਵੱਲੋਂ ਹੁਣ ਤੱਕ ਕੁੱਲ 15 ਅਣ-ਅਧਿਕਾਰਿਤ ਕਲੋਨੀ ਕੱਟਣ ਵਾਲੇ



ਕਲੋਨਾਈਜਰਾਂ ਅਤੇ ਅਣ-ਅਧਿਕਾਰਿਤ ਉਸਾਰੀ ਕਰਨ ਵਾਲੇ ਉਸਾਰੀਕਰਤਾਵਾਂ ਵਿਰੁੱਧ ਐਫ.ਆਈ.ਆਰ ਦਰਜ ਕਰਨ ਲਈ ਪੁਲਿਸ ਵਿਭਾਗ ਨੂੰ ਲਿਖਿਆ ਜਾ ਚੁੱਕਾ ਹੈ। ਇਸ ਤੋਂ ਇਲਾਵਾ ਪੁੱਡਾ ਦੇ ਰੈਗੂਲੇਟਰੀ ਵਿੰਗ ਵੱਲੋਂ ਸਮੇਂ-ਸਮੇਂ ਤੇ ਜ਼ਿਲਾ ਅੰਮ੍ਰਿਤਸਰ ਅੰਦਰ ਵਿਕਸਿਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਲੋਨੀਆਂ ਅਤੇ ਉਸਾਰੀਆਂ ਦਾ ਮੌਕਾ ਚੈਕ ਕਰਦੇ ਹੋਏ ਸਬੰਧਤ ਐਕਟ ਤਹਿਤ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਸਬੰਧਤ ਥਾਣਾ ਅਫਸਰ ਨੂੰ ਅਗਲੇਰੀ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ ਜਾ ਰਿਹਾ ਹੈ। ਏਡੀਏ ਦੇ ਰੈਗੂਲੇਟਰੀ ਵਿੰਗ ਨੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੈਰ-ਕਨੂੰਨੀ ਕਲੋਨੀਆਂ ਜੋ ਕਿ ਪੁੱਡਾ ਵਿਭਾਗ ਤੋਂ ਮੰਜੂਰ ਸ਼ੁਦਾ ਨਹੀਂ ਹਨ, ਉਹਨਾਂ ਵਿੱਚ ਪੈਂਦੇ ਪਲਾਟਾਂ ਦੀ ਵਿਕਰੀ ਸਬੰਧੀ ਕਿਸੇ ਵੀ ਇਸ਼ਤਿਹਾਰ ਅਨੁਸਾਰ ਪਲਾਟ ਖਰੀਦਣ ਤੋਂ ਪਹਿਲਾਂ ਉਸ ਕਲੋਨੀ ਸਬੰਧੀ ਪੁੱਡਾ ਵੱਲੋਂ ਜਾਰੀ ਕੀਤੀ ਗਈ ਮੰਜੂਰੀ ਦੀ ਮੰਗ ਜ਼ਰੂਰ ਕਰਨ ਤਾਂ ਜੋ ਉਨ੍ਹਾਂ ਦੇ ਧਨ ਮਾਲ ਦਾ ਨੁਕਸਾਨ ਨਾ ਹੋ ਸਕੇ ਅਤੇ ਉਨ੍ਹਾਂ ਲਈ ਪਰੇਸ਼ਾਨੀ ਦਾ ਕਾਰਨ ਨਾ ਬਣੇ। ਇਸ ਤੋਂ ਇਲਾਵਾ ਉਹਨਾਂ ਵੱਲੋਂ ਇਹ ਵੀ ਅਪੀਲ ਕੀਤੀ ਗਈ ਕਿ ਜ਼ਿਲੇ ਅੰਦਰ ਕਿਸੇ ਵੀ ਜਗ੍ਹਾ ਉੱਪਰ ਕਿਸੇ ਵੀ ਪ੍ਰਕਾਰ ਦੀ ਉਸਾਰੀ ਕਰਨ ਤੋਂ ਪਹਿਲਾਂ ਪੁੱਡਾ ਵਿਭਾਗ ਪਾਸੋਂ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰਨ ਉਪਰੰਤ ਹੀ ਉਸਾਰੀ ਕੀਤੀ ਜਾਵੇ।

# ਲਾਪਰਵਾਹੀ ਕਰਨ ਵਾਲੇ ਕਰਮਚਾਰੀਆਂ ਤੇ ਸਖ਼ਤੀ ਨਾਲ ਹੋਵੇਗੀ ਕਾਰਵਾਈ -ਸਿਵਲ ਸਰਜਨ



ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਸਰਕਾਰ ਦੀਆਂ ਹਦਾਇਤਾ ਅਨੁਸਾਰ ਸਿਵਲ ਸਰਜਨ ਡਾ.ਕਿਰਨਦੀਪ ਕੌਰ ਵਲੋਂ ਆਮ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਵਾਉਣ ਲਈ ਅਰਬਨ ਪ੍ਰਾਈਮਰੀ ਹੈਲਥ ਸੈਂਟਰ ਢਾਬ ਖਟੀਕਾਂ ਵਿਖੇ ਸਪੈਸ਼ਲ ਚੈਕਿੰਗ ਕੀਤੀ ਗਈ। ਇਸ ਚੈਕਿੰਗ ਦੌਰਾਣ ਉਹਨਾਂ ਵਲੋ ਸਟਾਫ ਦੀ ਹਾਜ਼ਰੀ ਦੇ ਨਾਲ ਨਾਲ ਓ.ਪੀ. ਡੀ.,ਵਾਰਡ,ਡੈਂਟਲ ਵਿਭਾਗ,ਲੇਬਰ ਰੂਮ,ਲੈਬ,ਦਵਾਈਆਂ ਦਾ ਸਟਾਕ ਅਤੇ ਐਮ. ਸੀ.ਐਚ.ਵਿਭਾਗ ਵਿਚ ਜਾ ਕੇ ਜਾਂਚ ਕੀਤੀ ਅਤੇ ਵਾਰਡ ਵਿਚ ਦਾਖਿਲ ਮਰੀਜਾਂ ਪਾਸੋਂ ਮੁਫਤ ਦਵਾਈਆਂ, ਲੈਬ ਟੈਸਟ ਦੀਆਂ ਸਹੂਲਤਾਂ ਸੰਬਧੀ ਪੁਛ-ਪੜਤਾਲ ਕੀਤੀ ਗਈ। ਇਸਤੋਂ ਇਲਾਵਾ ਸਟਾਫ ਦੀ ਹਾਜਰੀ ਬਾਰੇ ਬੜੇ ਵਿਸਥਾਰ ਵਾਲ ਜਾਂਚ ਕੀਤੀ। ਜਿਸ ਦੌਰਾਣ ਡਿਊਟੀ ਦੌਰਾਨ ਵਿੱਚ ਕੁਤਾਹੀ ਵਰਤਣ ਵਾਲੇ ਕਰਮਚਾਰੀਆਂ ਨੂੰ ਸਖਤ ਤਾੜਨਾਂ ਕੀਤੀ ਅਤੇ ਕਿਹਾ ਕਿ ਅਣਗਹਿਲੀ ਕਰਨ ਵਾਲੇ ਕਰਮਚਾਰੀਆਂ ਵਿਰੁੱਧ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇਗੀ। ਉਹਨਾਂ ਵੱਲੋਂ ਸਮੂਹ ਸਟਾਫ ਅਤੇ ਡਾਕਟਰਾਂ ਨੂੰ ਹਦਾਇਤ ਕੀਤੀ ਸਮੇਂ ਦੇ ਪਾਬੰਦ ਰਹਿਆ ਜਾਵੇ ਅਤੇ ਸੇਵਾ ਭਾਵਨਾਂ ਨਾਲ ਕੰਮ ਕੀਤਾ ਜਾਵੇ। ਇਸ ਮੌਕੇ ਤੇ ਜਿਲਾ ਟੀਕਾਕਰਨ ਅਫਸਰ ਡਾ.ਭਾਰਤੀ ਧਵਨ, ਅਮਰਦੀਪ ਸਿੰਘ ਅਤੇ ਸਮੂਹ ਸਟਾਫ ਹਾਜ਼ਰ ਸਨ।

# ਬ੍ਰਹਮ ਉਤਸਵ ਦੇ ਸਬੰਧ ਵਿੱਚ ਸ਼ਰਧਾ ਪੂਰਵਕ ਕੱਢਿਆ ਜਾ ਹਨ ਰਹੀਆਂ ਪ੍ਰਭਾਤ ਫੇਰੀਆ



ਫ਼ਗਵਾੜਾ (ਸੁਸ਼ੀਲ ਸ਼ਰਮਾ) ਸ੍ਰੀ ਮੁਕਤੀ ਨਰਾਇਣ ਧਾਮ ਵੈਂਕਟੇਸ਼ ਮੰਦਿਰ,ਗਰੀਨ ਫੀਲਡ,ਮਜੀਠਾ ਰੋਡ ਵਿਖੇ ਭਗਵਾਨ ਬਾਲਾ ਜੀ ਵੈਂਕਟੇਸ਼ ਦੇ 16ਵੇਂ ਬ੍ਰਹਮ ਉਤਸਵ ਦੇ ਸਬੰਧ ਵਿੱਚ ਕੱਢੀਆਂ ਜਾਣ ਵਾਲੀਆਂ ਪ੍ਰਭਾਤ ਫੇਰੀਆਂ ਕੱਢੀਆਂ ਜਾ ਰਹੀਆ ਹਨ। ਜੋ 23 ਫਰਵਰੀ ਤੱਕ ਜਾਰੀ ਰਹਿਣਗੀਆਂ। ਪ੍ਰਭੂ ਦੀ ਸੁੰਦਰ ਸਜਾਈ ਪਾਲਕੀ ਦੇ ਨਾਲ ਭਗਤਾਂ ਵੱਲੋਂ ਪੂਰੀ ਸ਼ਰਧਾ ਤੇ ਉਤਸਾਹ ਦੇ ਨਾਲ ਕੱਢੇ ਜਾਣ ਵਾਲੀਆਂ ਪ੍ਰਭਾਤ ਫੇਰੀਆਂ ਦੇ ਤਹਿਤ ਡਾਇਮੰਡ ਐਵਨੀਓ ਨਿਵਾਸੀ ਅਸ਼ੋਕ ਗੁਪਤਾ ਦੇ ਗ੍ਰਹਿ ਨਿਵਾਸ ਵਿਖੇ ਵੀ ਪ੍ਰਭਾਤ ਫੇਰੀ ਦਾ ਸ਼ਰਧਾ ਦੇ ਨਾਲ ਸਵਾਗਤ ਕੀਤਾ ਗਿਆ। ਕਮੇਟੀ ਦੇ ਮੁੱਖ ਪ੍ਰਬੰਧਕ ਚਰਨਜੀਤ ਅਗਨੀਹੋਤਰੀ,ਧਰਮਪਾਲ ਪਰਾਸ਼ਰ, ਚਰਨਜੀਤ ਭਾਸਕਰ,ਰਵੀ ਸ਼ਰਮਾ,ਰੂਪੇਸ਼ ਗੋਇੰਕਾ, ਰਮੇਸ਼ ਸਲਵਾਨ,ਭੂਸ਼ਣ ਗੁਪਤਾ ਕ੍ਰਿਸ਼ਨ ਅਗਨੀਹੋਤਰੀ ਇਲਾਕਾ ਨਿਵਾਸੀਆਂ ਨੂੰ ਪ੍ਰਭਾਤ ਫੇਰੀਆਂ,ਸ਼ੋਭਾ ਯਾਤਰਾ ਅਤੇ ਮੰਦਰ ਕਮੇਟੀ ਵੱਲੋਂ ਅਯੋਜਿਤ ਪ੍ਰੋਗਰਾਮ ਦੇ ਵਿੱਚ ਹਾਜਰੀਆਂ ਭਰਨ ਦੀ ਅਪੀਲ ਵੀ ਕੀਤੀ ਗਈ। ਇਸ ਮੌਕੇ ਤੇ ਵੀਨਾ ਗੁਪਤਾ,ਗਰੋਵਣ ਗੁਪਤਾ,ਅਮਿਤਾ,ਪਲਵ,ਕ੍ਰਿਸ਼ਨ,ਮਿਆਂਕ, ਰੀਦਨ, ਕ੍ਰਿਸ਼ਨਾ,ਅੰਜੂ, ਨੀਤੀਕਾ,ਮਾਇਰਾ,ਕ੍ਰਿਸ਼ ਸਮੇਤ ਹੋਰ ਕਈ

# ਅੰਮ੍ਰਿਤਸਰ ਇੰਪਰੂਵਮੈਂਟ ਟਰੱਸਟ ਵੱਲੋਂ ਲਗਾਈਆਂ ਫੈਂਸੀ ਅਤੇ ਸੋਲਰ ਲਾਈਟਾਂ ਵਿੱਚ ਘਪਲੇ ਦੀ ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਜਾਂਚ ਸ਼ੁਰੂ -ਸੁਰੇਸ਼ ਕੁਮਾਰ ਸ਼ਰਮਾ


ਅੰਮ੍ਰਿਤਸਰ, 21 ਫਰਵਰੀ (ਅਰਵਿੰਦਰ ਵੜੈਚ)- ਆਰ.ਟੀ ਆਈ ਐਕਟੀਵਿਸਟ ਸੁਰੇਸ਼ ਕੁਮਾਰ ਸ਼ਰਮਾ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਉਨਾਂ ਵੱਲੋਂ ਅਕਤੂਬਰ 2024 ਨੂੰ ਅੰਮ੍ਰਿਤਸਰ ਇੰਪਰੂਵਮੇਂਟ ਟਰੱਸਟ ਦੇ ਅਧਿਕਾਰੀਆਂ ਦੀ ਠੇਕੇਦਾਰਾਂ ਨਾਲ ਮਿਲੀਭੁਗਤ ਕਾਰਨ ਸਾਲ 2021-22 ਵਿੱਚ ਲਗਾਈਆਂ ਫੈਂਸੀ ਅਤੇ ਸੋਲਰ ਲਾਈਟਾਂ ਵਿੱਚ ਵੱਡਾ ਖੁਲਾਸਾ ਕੀਤਾ ਸੀ ਅਤੇ ਲਿਖਤੀ ਰੂਪ ਵਿੱਚ ਮੁੱਖ ਮੰਤਰੀ ਪੰਜਾਬ ਲੋਕਲ ਬਾਡੀ ਮੰਤਰੀ ਪ੍ਰਿੰਸੀਪਲ ਸੈਕਟਰੀ ਅਤੇ ਪੰਜਾਬ ਵਿਜੀਲੈਂਸ ਬਿਊਰੋ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ। ਉਹਨਾਂ ਦੱਸਿਆ ਕਿ ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਪੱਤਰ ਨੰਬਰ 127 ਮਿਤੀ ਫਰਵਰੀ 2025 ਨੂੰ ਮੈਨੂੰ ਦਫਤਰ ਬੁਲਾਇਆ ਗਿਆ ਅਤੇ ਅਧਿਕਾਰੀ ਦੇ ਸਾਹਮਣੇ ਬਿਆਨ ਦਰਜ ਕਰਵਾ ਦਿੱਤੇ ਗਏ ਹਨ।

ਸੁਰੇਸ਼ ਕੁਮਾਰ ਸ਼ਰਮਾ ਨੇ ਇੱਕ ਵਾਰ ਫਿਰ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸਾਲ 20212 ਵਿੱਚ ਪਿੰਡ ਮੂਧੱਲ ਵਿਖੇ ਸੋਲਰ ਲਾਈਟਾਂ ਲਗਾਉਣ ਲਈ ਭਾਰਤ ਇਲੈਕਟ੍ਰਿਕਲ ਨੂੰ 1.20 ਕਰੋੜ ਦਾ ਕੰਮ 1.75 ਲੈਸ ਦੇ ਨਾਲ ਅਲਾਟ ਕੀਤਾ ਗਿਆ ਸੀ। ਪਰ ਮੁਧੱਲ ਪਿੰਡ ਵਿੱਚ ਸਿਰਫ 216 ਸੋਲ ਲਾਈਟਾਂ ਲਗਾ ਕੇ ਠੇਕੇਦਾਰ ਕੰਪਨੀ ਨੂੰ 286 ਸੋਲਰ ਲਾਈਟਾਂ ਦੀ ਪੇਮੈਂਟ 42,179 ਰੁਪਏ ਦੇ ਹਿਸਾਬ ਨਾਲ ਕੀਤੀ ਗਈ ਹੈ। ਜਦਕਿ ਮੌਕੇ ਤੇ ਸਿਰਫ 20 ਹਜਰ ਰੁਪਏ ਤੱਕ ਵਾਲੀ ਲਾਈਟ ਹੀ ਲਗਾਈ ਗਈ ਹੈ।

ਸ਼ਰਮਾ ਨੇ ਦੱਸਿਆ ਕਿ ਸਾਲ 2021-22 ਵਿੱਚ ਨਿਊ ਅੰਮ੍ਰਿਤਸਰ ਤੇ ਰਣਜੀਤ ਐਵੀਨਿਊ ਵਿੱਚ ਫੈਂਸੀ ਲਾਈਟਾਂ ਲਗਾਉਣ ਲਈ ਫ਼ਕੀਰ ਚੰਦ ਸ਼ਰਮਾ ਇਲੈਕਟਰੀਕਲ ਕੰਪਨੀ ਨੂੰ 4.27 ਕਰੋੜ ਰੁਪਏ ਵਿੱਚ 1.75 ਪ੍ਰਤੀਸ਼ਤ ਲੈਸ ਤੇ ਟੈਂਡਰ ਅਲਾਟ ਕੀਤਾ ਗਿਆ ਸੀ । ਅਧਿਕਾਰੀਆਂ ਵੱਲੋਂ ਨਿਊ ਅੰਮ੍ਰਿਤਸਰ ਵਿੱਚ 103 ਲਾਈਟਾਂ ਲਗਾ ਕੇ 109 ਅਤੇ ਰਣਜੀਤ ਐਵੀਨਿਊ ਵਿੱਚ 113 ਲਾਈਟਾਂ ਲੱਗਾ ਕੇ 119 ਲਾਈਟਾਂ ਦੀ ਪੇਮੇਂਟ ਕੀਤੀ ਗਈ ਹੈ। ਕੁੱਲ ਖ਼ਰਚਾ ਮਿਲਾ ਕੇ 176580 ਰੁਪਏ ਦੇ ਹਿਸਾਬ ਨਾਲ ਪੇਮੇਂਟ ਕੀਤੀ ਗਈ ਹੈ। ਜਦਕਿ ਮੌਕੇ ਤੇ ਲਗਾਈ ਗਈ ਲਾਈਟ ਦੀ ਕੁੱਲ ਕੀਮਤ 1 ਲੱਖ ਰੁਪਏ ਤੋਂ ਵੱਧ ਨਹੀਂ ਹੈ ।

ਸੁਰੇਸ਼ ਕੁਮਾਰ ਸ਼ਰਮਾ ਨੇ ਦੱਸਿਆ ਕਿ ਸਾਲ 2021-22 ਵਿੱਚ ਵਾਰਡ ਨੰ : 23 ਅਤੇ 26 ਵਿੱਚ ਫੈਂਸੀ ਸੋਲਰ ਲਾਈਟਾਂ ਲਗਾਉਣ ਲਈ ਜਸਜੀਤ ਸਿੰਘ ਮੱਕੜਨੂੰ 49.00 ਲੱਖ ਰੁਪਏ ਦਾ ਕੰਮ 26.13 ਪ੍ਰਤੀਸ਼ਤ ਲੈਸ ਤੇ ਅਲਾਟ ਹੋਇਆ ਸੀ। ਅਧਿਕਾਰੀਆਂ ਵੱਲੋਂ ਗੁਰਦੁਆਰਾ ਵੱਲਾ ਸਾਹਿਬ ਵਿੱਚ 03 ਬਲੈਕ ਐਂਡ ਵਾਈਟ ਛੱਤਰੀ ਸੋਲਰ ਲਾਈਟਾਂ ਦੇ ਬਿੱਲ ਪਾਸ ਕੀਤੇ ਗਏ ਹਨ ਜਦਕਿ ਮੌਕੇ ਤੇ ਇਹ ਲਾਈਟਾਂ ਲਗਾਈਆਂ ਹੀ ਨਹੀਂ ਗਈਆਂ ਹਨ।

ਸੁਰੇਸ਼ ਕੁਮਾਰ ਸ਼ਰਮਾ ਨੇ ਦੱਸਿਆ ਕਿ ਸਾਲ 2021-22 ਵਿੱਚ ਕਬੀਰ ਪਾਰਕ ਵਿੱਚ ਸਟ੍ਰੀਟ ਲਾਈਟਾਂ ਦੀ ਸਾਲਾਨਾ ਮੇਨਟੇਨੈਂਸ



ਲਈ ਜਸਜੀਤ ਸਿੰਘ ਮੱਕੜ ਨੂੰ 10.00 ਲੱਖ ਦਾ ਕੰਮ 2.26 ਪ੍ਰਤੀਸ਼ਤ ਲੈਸ ਤੇ ਅਲਾਟ ਹੋਇਆ ਸੀ । ਵਿਭਾਗ ਵੱਲੋਂ ਪੂਰੇ ਕਬੀਰ ਪਾਰਕ ਵਿੱਚ 90 ਵਾਟ ਦੇ 2360 ਬੱਲਬ, 60 ਵਾਟ ਦੇ 1320 ਬੱਲਬ ਅਤੇ 48 ਹਾਈ ਮਾਸਟ ਲਾਈਟਾਂ ਦੇ ਬਿੱਲ ਪਾਸ ਕੀਤੇ ਗਏ ਹਨ । ਜਦਕਿ ਸਥਾਨਕ ਲੋਕਾਂ ਵੱਲੋਂ ਧਿਆਨ ਵਿੱਚ ਲਿਆਂਦਾ ਗਿਆ ਹੈ ਅਤੇ ਭਰੋਸੇਯੋਗ ਸੂਤਰਾਂ ਤੋਂ ਵੀ ਪਤਾ ਲੱਗਾ ਹੈ ਕਿ ਇਸ ਕੰਮ ਦੇ ਫਰਜ਼ੀ ਬਿੱਲ ਬਣਾ ਕੇ ਦਸ ਪੁਆਇੰਟ 75 ਲੱਖ ਰੁਪਏ ਦੀ ਅਦਾਇਗੀ ਕਰ ਦਿੱਤੀ ਗਈ ਹੈ। ਸੁਰੇਸ਼ ਕੁਮਾਰ ਸ਼ਰਮਾ ਨੇ ਮੁੱਖ ਮੰਤਰੀ ਪੰਜਾਬ ਵਿਜੀਲੈਂਸ ਬਿਊਰੋ ਦਾ ਧੰਨਵਾਦ ਕਰਦਿਆਂ ਬੇਨਤੀ ਕੀਤੀ ਕਿ ਕਿ ਇਸ ਕੰਮ ਦੀ ਗਹਿਰਾਈ ਤੋਂ ਜਾਂਚ ਕੀਤੀ ਜਾਵੇ ਤਾਂ ਕਿ ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ ਹੋ ਸਕੇ।

# ਸਰਕਾਰੀ ਹਾਈ ਸਕੂਲ ਪੰਡੋਰੀ ਨੂੰ ਗਰੀਨ ਸਕੂਲ ਪ੍ਰੋਗਰਾਮ ਆਡਿਟ ਤਹਿਤ ਮਿਲਿਆ ਰਾਸ਼ਟਰੀ ਅਵਾਰਡ

ਫਗਵਾੜਾ (ਸੁਸ਼ੀਲ ਸ਼ਰਮਾ ) ਪੰਜਾਬ ਰਾਜ ਸਾਇੰਸ ਅਤੇ ਟੈਕਨਾਲੋਜੀ ਕੌਂਸਲ ਚੰਡੀਗੜ੍ਹ ਵਲੋਂ ਭਾਰਤ ਸਰਕਾਰ ਦੇ ਵਾਤਾਵਰਣ, ਜੰਗਲਾਤ ਤੇ ਜਲਵਾਯੂ ਤਬਦੀਲੀ ਮੰਤਰਾਲੇ ਦੇ ਵਾਤਾਵਰਣ ਸਿੱਖਿਆ ਪ੍ਰੋਗਰਾਮ ਤਹਿਤ ਦੇਸ਼ ਭਰ ਵਿਚ ਚਲਾਏ ਗਰੀਨ ਸਕੂਲ ਪ੍ਰੋਗਰਾਮ ਆਡਿਟ ਅਧੀਨ ਸਰਕਾਰੀ ਹਾਈ ਸਕੂਲ ਪੰਡੋਰੀ ਤਹਿਸੀਲ ਫਗਵਾੜਾ ਨੂੰ ਰਾਸ਼ਟਰੀ ਅਵਾਰਡ ਪ੍ਰਾਪਤ ਹੋਇਆ ਹੈ। ਇਸ ਪ੍ਰਾਪਤੀ ਲਈ ਸਕੂਲ ਸਟਾਫ ਨੂੰ ਸਨਮਾਨਤ ਕਰਨ ਸਬੰਧੀ ਇਕ ਸਮਾਗਮ ਅੱਜ ਸਰਪੰਚ ਅੰਮ੍ਰਿਤਪਾਲ ਸਿੰਘ ਚੀਮਾ ਦੀ ਅਗਵਾਈ ਹੇਠ ਸਕੂਲ ਕੈਂਪਸ ਵਿਖੇ ਕਰਵਾਇਆ ਗਿਆ। ਸਮਾਗਮ ਦੌਰਾਨ ਈਕੋ ਕਲੱਬ ਦੇ ਇੰਚਾਰਜ ਕਮਲ ਗੁਪਤਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਸਰਕਾਰ ਦੇ ਵਾਤਾਵਰਣ, ਜੰਗਲਾਤ ਤੇ ਜਲਵਾਯੂ ਵਿਭਾਗ ਨਵੀਂ ਦਿੱਲੀ ਵਲੋਂ ਵਾਤਾਵਰਣ ਸਿੱਖਿਆ ਪ੍ਰੋਗਰਾਮ ਤਹਿਤ ਪੰਡੋਰੀ ਸਕੂਲ ਦੇ ਹਵਾ, ਊਰਜਾ, ਖ਼ੁਰਾਕ, ਭੌਂ, ਪਾਣੀ ਅਤੇ ਰਹਿੰਦ-ਖੂੰਦ ਦੀ ਵਿਵਸਥਾ ਦਾ ਆਡਿਟ ਕੀਤਾ ਗਿਆ ਸੀ। ਸਕੂਲ ਦੇ ਵਧੀਆ ਪ੍ਰਬੰਧਾ ਲਈ ਵਿਭਾਗ ਵਲੋਂ ਇਸ ਅਵਾਰਡ ਲਈ ਚੁਣਿਆ ਗਿਆ ਸੀ। ਜਿਸ ਤੋਂ ਬਾਅਦ ਪਿਛਲੇ ਦਿਨੀਂ ਨਵੀਂ ਦਿੱਲੀ ਵਿਖੇ ਆਯੋਜਿਤ ਸਮਾਗਮ ਦੌਰਾਨ ਸ਼੍ਰੀਮਤੀ ਸੁਨੀਤਾ ਨਾਰਾਇਣ ਜਨਰਲ ਸੀ.ਐਸ.ਈ. ਵਲੋਂ ਅਵਾਰਡ ਪ੍ਰਦਾਨ ਕੀਤਾ ਗਿਆ। ਸਕੂਲ ਦੀ ਇਸ ਪ੍ਰਾਪਤੀ ਲਈ ਜਿਲ੍ਹਾ ਸਿੱਖਿਆ ਅਫਸਰ (ਸੈ) ਦਲਜਿੰਦਰ ਕੌਰ ਵਿਰਕ, ਉਪ ਜਿਲ੍ਹਾ ਸਿੱਖਿਆ ਅਫਸਰ ਰਾਜੇਸ਼ ਭੱਲਾ, ਜਿਲ੍ਹਾ ਐਕਟੀਵਿਟੀ ਕੋਆਰਡੀਨੇਟਰ ਸੁਨੀਲ ਬਜਾਜ, ਜਿਲ੍ਹਾ ਸਿੱਖਿਆ ਵਾਤਾਵਰਣ ਪ੍ਰੋਗਰਾਮ ਦੇ ਕੋਆਰਡੀਨੇਟਰ ਗਗਨਦੀਪ ਸਿੰਘ ਅਤੇ ਬਲਾਕ ਕੋਆਰਡੀਨੇਟਰ ਸ਼ਮਸ਼ੇਰ ਸਿੰਘ ਨੇ ਵੀ ਸਮੂਹ ਦੇ ਸਕੂਲ ਸਟਾਫ ਦੀ ਸ਼ਲਾਘਾ ਕਰਦਿਆਂ ਵਧਾਈ ਸੰਦੇਸ਼ ਭੇਜੇ ਹਨ। ਸਰਪੰਚ ਅੰਮ੍ਰਿਤਪਾਲ ਸਿੰਘ ਚੀਮਾ ਨੇ





ਸਕੂਲ ਦੀ ਇਸ ਪ੍ਰਾਪਤੀ ਨੂੰ ਲੈ ਕੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਖਾਸ ਤੌਰ ਤੇ ਈਕੋ ਕਲੱਬ ਇੰਚਾਰਜ ਕਮਲ ਗੁਪਤਾ ਨੂੰ ਸਨਮਾਨਤ ਕਰਕੇ ਹੌਸਲਾ ਅਫਜਾਈ ਕੀਤੀ। ਅਖੀਰ ਵਿਚ ਸਕੂਲ ਇੰਚਾਰਜ ਲਖਵਿੰਦਰ ਪ੍ਰੀਤ ਕੌਰ ਨੇ ਸਮੂਹ ਪਤਵੰਤਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਪੰਚਾਇਤ ਮੈਂਬਰ ਗੁਰਪ੍ਰੀਤ ਸਿੰਘ ਬਾਠ, ਬਲਰਾਜ ਸਿੰਘ ਚੀਮਾ, ਸੁਖਦੇਵ ਸਿੰਘ ਕੁੱਕੂ, ਮਨਦੀਪ ਕੌਰ ਤੋਂ ਇਲਾਵਾ ਸੁਖਵਿੰਦਰ ਸਿੰਘ ਨੰਬਰਦਾਰ, ਕੁਲਵੀਰ ਸਿੰਘ ਚੀਮਾ, ਅਨੀਤਾ ਰਾਣੀ, ਪੁਨੀਤ ਕੰਵਲ ਕੌਰ, ਸੋਨਿਕਾ, ਸੋਨੀਆ, ਨਵਨੀਤ ਕੌਰ, ਪ੍ਰੀਤੀ, ਦੀਪਾਵਲੀ, ਅਰਸ਼ਦੀਪ ਸਿੰਘ, ਗੁਰਮੀਤ ਚੰਦ, ਬਲਵਿੰਦਰ ਸਿੰਘ ਸਮੇਤ ਸਕੂਲੀ ਵਿਦਿਆਰਥੀ ਹਾਜਰ ਸਨ।

# ਆਰ.ਟੀ.ਏ. ਨੇ ਆਵਾਜਾਈ ਨਿਯਮਾਂ ਦੀ ਉਲੰਘਣਾ ਕਰਨ ਵਾਲੇ 10 ਹੈਵੀ ਡਿਊਟੀ ਵਾਹਨਾਂ ਦੇ ਚਲਾਨ ਕੱਟੇ




ਗੁਰਦਾਸਪੁਰ-ਨਵਨੀਤ ਕੁਮਾਰ - ਵਾਹਨ ਚਾਲਕਾਂ ਨੂੰ ਆਵਾਜਾਈ ਨਿਯਮਾਂ ਦੀ ਪਾਲਣਾ ਕਰਾਉਣ ਹਿਤ ਟਰਾਂਸਪੋਰਟ ਵਿਭਾਗ ਗੁਰਦਾਸਪੁਰ ਵੱਲੋਂ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਆਰ.ਟੀ.ਏ. ਗੁਰਦਾਸਪੁਰ ਸ੍ਰੀ ਦਵਿੰਦਰ ਕੁਮਾਰ ਵੱਲੋਂ ਬੀਤੀ ਰਾਤ ਵਿਸ਼ੇਸ਼ ਚੈਕਿੰਗ ਅਭਿਆਨ ਦੌਰਾਨ ਆਵਾਜਾਈ ਨਿਯਮਾਂ ਦੀ ਉਲੰਘਣਾ ਕਰਨ ਵਾਲੇ 10 ਹੈਵੀ ਡਿਊਟੀ ਵਾਹਨ ਚਾਲਕਾਂ ਦੇ ਚਲਾਨ ਕੱਟੇ ਗਏ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਆਰ.ਟੀ.ਏ. ਸ੍ਰੀ ਦਵਿੰਦਰ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਬੀਤੀ ਰਾਤ ਗੁਰਦਾਸਪੁਰ ਨੇੜੇ ਹਾਈਵੇਅ ਉੱਪਰ ਵਿਸ਼ੇਸ਼ ਨਾਕਾ ਲਗਾ ਕੇ ਵਾਹਨ ਚਾਲਕਾਂ ਦੇ ਕਾਗ਼ਜ਼ਾਤ ਚੈੱਕ ਕੀਤੇ ਗਏ। ਇਸ ਦੌਰਾਨ ਉਨ੍ਹਾਂ ਨੇ ਓਵਰ ਲੋਡਿਡ ਹੈਵੀ ਡਿਊਟੀ ਵਾਹਨਾਂ ਅਤੇ ਆਵਾਜਾਈ ਨਿਯਮਾਂ ਦੀ ਉਲੰਘਣਾ ਕਰਨ ਵਾਲੇ 10 ਵਾਹਨਾਂ ਦੇ ਚਲਾਨ ਕੱਟੇ ਗਏ ਹਨ। ਉਨ੍ਹਾਂ ਕਿਹਾ ਕਿ ਓਵਰਲੋਡ ਵਾਹਨ ਚਲਾਉਣਾ ਅਤੇ ਹੋਰ ਆਵਾਜਾਈ ਨਿਯਮਾਂ ਦੀ ਪਾਲਣਾ ਨਾ ਕਰਨਾ ਅਕਸਰ ਹੀ ਹਾਦਸਿਆਂ ਦਾ ਕਾਰਨ ਬਣਦਾ ਹੈ, ਜਿਸ ਨਾਲ ਕਈ ਕੀਮਤੀ ਜਾਨਾਂ ਤੱਕ ਚਲੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਇਸ ਲਈ ਹਰ ਵਾਹਨ ਚਾਲਕ ਨੂੰ ਆਵਾਜਾਈ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਅਤੇ ਨਾਲ ਹੀ ਆਪਣੇ ਵਾਹਨਾਂ ਦੇ ਸਾਰੇ ਕਾਗ਼ਜ਼ਾਤ ਪੂਰੇ ਰੱਖਣੇ ਚਾਹੀਦੇ ਹਨ। ਆਰ.ਟੀ.ਏ. ਸ੍ਰੀ ਦਵਿੰਦਰ ਕੁਮਾਰ ਨੇ ਜ਼ਿਲ੍ਹੇ ਦੇ ਸਮੂਹ ਸਕੂਲ ਪ੍ਰਬੰਧਕਾਂ ਨੂੰ ਵੀ ਹਦਾਇਤ ਕੀਤੀ ਹੈ ਕਿ ਉਹ ਸੇਫ਼ ਸਕੂਲ ਵਾਹਨਾਂ ਪਾਲਿਸੀ ਦੀ ਇੰਨ-ਬਿੰਨ ਪਾਲਣਾ ਕਰਨ। ਉਨ੍ਹਾਂ ਕਿਹਾ ਕਿ ਟਰਾਂਸਪੋਰਟ ਵਿਭਾਗ ਵੱਲੋਂ ਟਰੈਫ਼ਿਕ ਪੁਲਿਸ ਨਾਲ ਮਿਲ ਕੇ ਇਹ ਚੈਕਿੰਗ ਅਭਿਆਨ ਭਵਿੱਖ ਵਿੱਚ ਵੀ ਜਾਰੀ ਰਹੇਗਾ।

# ਪਿੰਡ ਗੁਲਾਬਗੜ੍ਹ ਜਗੀਰ ਵਿਖੇ ਸ਼ਰਧਾ ਨਾਲ ਕਰਵਾਇਆ 648ਵੇਂ ਗੁਰਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ

ਫਗਵਾੜਾ (ਸੁਸ਼ੀਲ ਸ਼ਰਮਾ ) ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਪਿੰਡ ਗੁਲਾਬਗੜ੍ਹ ਜਗੀਰ ਦੀ ਪ੍ਰਬੰਧਕ ਕਮੇਟੀ ਵਲੋਂ ਗੁਰੂ ਸਾਹਿਬ ਦੇ 648ਵੇਂ ਗੁਰਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ ਸ਼੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ, ਪ੍ਰਵਾਸੀ ਭਾਰਤੀਆਂ, ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਉਤਸ਼ਾਹ ਪੂਰਵਕ ਕਰਵਾਇਆ ਗਿਆ। ਸਵੇਰੇ ਸ੍ਰੀ ਸਹਿਜ ਪਾਠ ਦੇ ਭੋਗ ਉਪਰੰਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿਚ ਧਾਰਮਿਕ ਦੀਵਾਨ ਸਜਾਇਆ ਗਿਆ। ਇਸ ਦੌਰਾਨ ਗਿਆਨੀ ਸਤਨਾਮ ਸਿੰਘ ਬੰਸੀਆ ਢੱਕ (ਫਿਲੌਰ) ਦੇ ਜੱਥੇ ਨੇ ਕਥਾ ਕੀਰਤਨ ਰਾਹੀਂ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ ਫਲਸਫੇ ਬਾਰੇ ਚਾਨਣਾ ਪਾਇਆ। ਉਪਰੰਤ ਮਿਸ਼ਨਰੀ ਕਲਾਕਾਰ ਵਿੱਕੀ ਬਹਾਦਰਕੇ ਐਂਡ ਮਿਊਜੀਕਲ ਗਰੁੱਪ ਨੇ ਗੁਰੂ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਪ੍ਰਬੰਧਕਾਂ ਵਲੋਂ ਸਮੂਹ ਸੰਗਤਾਂ ਨੂੰ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੱਤੀ ਗਈ ਅਤੇ ਉਹਨਾਂ ਦੇ ਦਰਸਾਏ ਮਾਰਗ ਉਪਰ ਚੱਲਣ ਲਈ ਪ੍ਰੇਰਿਆ ਗਿਆ। ਸੇਵਾਦਾਰਾਂ ਵਲੋਂ ਚਾਹ ਪਕੌੜੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਸਮਾਗਮ ਦੌਰਾਨ ਵੱਡੀ ਗਿਣਤੀ ਵਿਚ ਪਿੰਡ ਦੀਆਂ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਸਾਹਿਬਾਨ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸਮੂਹ ਪ੍ਰਬੰਧਕ ਕਮੇਟੀ, ਸੇਵਾਦਾਰ ਅਤੇ ਪਿੰਡ ਦੇ ਪਤਵੰਤੇ ਹਾਜਰ ਸਨ।





SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ 82880 21797 82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018 WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
EDUCATIONAL SINCE 1958
64 YEARS EXCELLENCE
MORE THAN •56 Colleges & Schools •200 Merit Positions •125 Companies For Placements •75 Academic Courses •2000 Placements In 2022-2023 •42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.*• Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB • PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
/stsoldiergroup www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565